SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.Switchinsurance.ca

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 154 | Friday, August 11, 2023 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਛੁੱਟੀਆਂ ਮਨਾਉਣ ਲਈ ਬ੍ਰਿਟਿਸ਼ ਕੋਲੰਬੀਆ ਰਵਾਨਾ ਹੋਇਆ ਟਰੂਡੋ ਦਾ ਪਰਿਵਾਰ



ਓਟਵਾ, 10 ਅਗਸਤ (ਪੋਸਟ ਬਿਊਰੋ) : ਪ੍ਰਧਾਨ ਮੰਤਰੀ ਆਫਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਜਸਟਿਨ ਟਰੂਡੋ ਤੇ ਉਸ ਦਾ ਪਰਿਵਾਰ ਬ੍ਰਿਟਿਸ਼ ਕੋਲੰਬੀਆ ਵਿਖੇ ਛੁੱਟੀਆਂ ਮਨਾਉਣ ਜਾ ਰਿਹਾ ਹੈ। ਇਹ ਛੁੱਟੀਆਂ ਇੱਕ ਹਫਤੇ ਤੋਂ ਥੋੜ੍ਹਾ ਵੱਧ ਚੱਲਣਗੀਆਂ।

ਪੀਐਮਓ ਵੱਲੋਂ ਇਹ ਸਪਸ਼ਟ ਨਹੀਂ ਕੀਤਾ ਗਿਆ ਕਿ ਪ੍ਰਧਾਨ ਮੰਤਰੀ ਤੇ ਉਨ੍ਹਾਂ ਦਾ ਪਰਿਵਾਰ ਕਿੱਥੇ ਰਹਿਣਗੇ ਪਰ ਇਹ ਜ਼ਰੂਰ ਆਖਿਆ ਗਿਆ ਹੈ ਕਿ ਉਹ 18 ਅਗਸਤ ਨੂੰ ਓਟਵਾ ਪਰਤ ਆਉਣਗੇ। ਟਰੂਡੋ ਤੇ 18 ਸਾਲਾਂ ਤੱਕ ਉਨ੍ਹਾਂ ਦੀ ਪਤਨੀ ਰਹੀ ਸੋਫੀ ਗ੍ਰੈਗੋਇਰ ਟਰੂਡੋ ਨੇ ਅਜੇ ਪਿਛਲੇ ਹਫਤੇ ਹੀ ਵੱਖ ਹੋਣ ਦਾ ਐਲਾਨ ਕੀਤਾ ਸੀ ਪਰ ਇਸ ਦੇ ਨਾਲ ਹੀ ਉਨ੍ਹਾਂ ਇਹ ਵੀ ਆਖਿਆ ਸੀ ਕਿ ਉਹ ਪਰਿਵਾਰ ਵਜੋਂ ਇੱਕਠਿਆਂ ਸਮਾਂ ਗੁਜ਼ਾਰਿਆ ਕਰਨਗੇ।

ਆਪਣੇ ਤਿੰਨ ਬੱਚਿਆਂ ਦੀ ਸਲਾਮਤੀ ਲਈ ਉਨ੍ਹਾਂ ਵੱਲੋਂ ਸਾਰਿਆਂ ਤੋਂ ਪ੍ਰਾਈਵੇਸੀ ਦੀ ਮੰਗ ਵੀ ਕੀਤੀ ਗਈ ਸੀ। ਪ੍ਰਧਾਨ ਮੰਤਰੀ ਆਫਿਸ ਦਾ ਕਹਿਣਾ ਹੈ ਕਿ ਇਸ ਟ੍ਰਿੱਪ ਨੂੰ ਐਥਿਕਸ ਕਮਿਸ਼ਨਰ ਵੱਲੋਂ ਹਰੀ ਝੰਡੀ ਦਿੱਤੀ ਗਈ ਹੈ ਤੇ ਟਰੂਡੋ ਆਪਣੇ ਰਹਿਣ ਸਹਿਣ ਦਾ ਬੰਦੋਬਸਤ ਆਪਣੇ ਪੱਲਿਓਂ ਕਰ ਰਹੇ ਹਨ। ਸਕਿਊਰਿਟੀ ਕਾਰਨਾਂ ਕਰਕੇ ਪ੍ਰਧਾਨ ਮੰਤਰੀ ਨੂੰ ਰੌਇਲ ਕੈਨੇਡੀਅਨ ਏਅਰ ਫੋਰਸ ਦੇ ਜਹਾਜ਼ ਉੱਤੇ ਸਫਰ ਕਰਨਾ ਪੈਂਦਾ ਹੈ।

## ਮਹਿਲਾ ਡਾਕਟਰ ਸਮੇਤ ਨਸ਼ਿਆਂ ਦੀ ਲੈਬ ਚਲਾਉਣ ਵਾਲੇ 12 ਵਿਅਕਤੀਆਂ ਨੂੰ ਕੀਤਾ ਗਿਆ ਗ੍ਰਿਫਤਾਰ



ਟੋਰਾਂਟੋ, 10 ਅਗਸਤ (ਪੋਸਟ ਬਿਊਰੋ) : ਗੈਰਕਾਨੂੰਨੀ ਨਸ਼ਿਆਂ ਦਾ ਰੈਕੇਟ ਚਲਾਉਣ ਵਾਲੇ ਗਿਰੋਹ ਦੇ ਫੜ੍ਹੇ ਗਏ ਦਰਜਨਾਂ ਮੈਂਬਰਾਂ ਵਿੱਚ ਟੋਰਾਂਟੋ ਦਾ ਇੱਕ ਡਾਕਟਰ ਵੀ ਸ਼ਾਮਲ ਹੈ। ਜੀਟੀਏ ਪੁਲਿਸ ਵੱਲੋਂ ਦੋ ਫੈਂਟਾਨਿਲ ਲੈਬਜ਼ ਉੱਤੇ ਛਾਪੇ ਮਾਰ ਕੇ 60 ਕਿੱਲੋਗ੍ਰਾਮ ਨਸ਼ੇ ਬਰਾਮਦ ਕੀਤੇ ਗਏ।

ਹੈਮਿਲਟਨ ਮਾਊਨਟੇਨ ਦੇ ਇੱਕ ਘਰ ਵਿੱਚ ਨਵੰਬਰ 2021 ਨੂੰ ਨਸ਼ਿਆਂ ਦੀ ਓਵਰਡੋਜ਼ ਕਾਰਨ ਹੋਈ ਮੌਤ ਦੇ ਮਾਮਲੇ ਦੀ ਜਾਂਚ ਕਰਦੇ ਸਮੇਂ ਪੁਲਿਸ ਨੂੰ ਨਸ਼ਿਆਂ ਦੀ ਇੱਕ ਲੈਬ ਲੱਭੀ। ਇਸ ਤੋਂ ਬਾਅਦ ਪੁਲਿਸ ਵੱਲੋਂ ਮਾਮਲੇ ਦੀ ਤਹਿ ਤੱਕ ਜਾਣ ਲਈ ਪ੍ਰੋਜੈਕਟ ਓਡੀਓਨ ਸ਼ੁਰੂ ਕੀਤਾ ਗਿਆ। ਟੋਰਾਂਟੋ, ਯੌਰਕ ਰੀਜਨ ਤੇ ਓਨਟਾਰੀਓ ਪ੍ਰੋਵਿੰਸ਼ੀਅਲ ਪੁਲਿਸ ਦੀ ਮਦਦ ਨਾਲ ਜਾਂਚਕਾਰਾਂ ਨੂੰ ਪਹਿਲਾਂ ਓਵਰਡੋਜ਼ ਕਾਰਨ ਹੋਈ ਮੌਤ ਤੇ ਨਸ਼ਿਆਂ ਦੀ ਓਵਰਡੋਜ਼ ਕਾਰਨ ਹੋਈਆਂ ਹੋਰ ਮੌਤਾਂ ਦੇ ਮਾਮਲਿਆਂ ਦੀ ਕੜੀ ਜੁੜਦੀ ਨਜ਼ਰ ਆਈ। ਹੈਮਿਲਟਨ ਪੁਲਿਸ ਨੇ ਪਾਇਆ ਕਿ ਇਹ ਮੌਤਾਂ ਕੁੱਝ ਦਿਨਾਂ ਦੇ ਫਰਕ ਨਾਲ ਹੀ ਹੋਈਆਂ ਸਨ। ਜਾਂਚਕਾਰਾਂ ਵੱਲੋਂ ਇਹ ਵੀ ਪਤਾ ਲਾ ਲਿਆ ਗਿਆ ਕਿ ਅਜਿਹੀਆਂ ਲੈਬਜ਼ ਦੇ ਕੁੱਝ

... ਬਾਕੀ ਸਫਾ 2 'ਤੇ

## ਫੋਰਡ ਨੇ ਇੰਟੇਗ੍ਰਿਟੀ ਕਮਿਸ਼ਨਰ ਨੂੰ ਹਾਊਸਿੰਗ ਮਨਿਸਟਰ ਦੇ ਚੀਫ ਆਫ ਸਟਾਫ ਦੇ ਮਾਮਲੇ ਦੀ ਜਾਂਚ ਕਰਨ ਲਈ ਆਖਿਆ



ਓਨਟਾਰੀਓ, 10 ਅਗਸਤ (ਪੋਸਟ ਬਿਊਰੋ) : ਓਨਟਾਰੀਓ ਦੇ ਪ੍ਰੀਮੀਅਰ ਡੱਗ ਫੋਰਡ ਤੇ ਉਨ੍ਹਾਂ ਦੇ ਆਫਿਸ ਵੱਲੋਂ ਇੰਟੇਗ੍ਰਿਟੀ ਕਮਿਸ਼ਨਰ ਨੂੰ ਹਾਊਸਿੰਗ ਮਨਿਸਟਰ ਦੇ ਚੀਫ ਆਫ ਸਟਾਫ ਦੇ ਮਾਮਲੇ ਦੀ ਜਾਂਚ ਕਰਨ ਲਈ ਆਖਿਆ ਗਿਆ ਹੈ। ਜ਼ਿਕਰਯੋਗ ਹੈ ਕਿ ਆਡੀਟਰ ਜਨਰਲ ਵੱਲੋਂ ਕੱਲ੍ਹ ਪੇਸ਼ ਕੀਤੀ ਗਈ ਆਪਣੀ ਰਿਪੋਰਟ ਵਿੱਚ ਗ੍ਰੀਨਬੈਲਟ ਤੋਂ ਜ਼ਮੀਨ ਹਟਾਉਣ ਦੇ ਫੈਸਲੇ ਵਿੱਚ ਕੁੱਝ ਖਾਮੀਆਂ ਪਾਈਆਂ ਗਈਆਂ ਸਨ ਤੇ ਇਸ ਮਾਮਲੇ ਦੀ ਜਾਂਚ ਕਰਵਾਉਣ ਦੀ ਸਿਫਾਰਿਸ਼ ਵੀ ਕੀਤੀ ਗਈ ਸੀ।

ਇੰਟੇਗ੍ਰਿਟੀ ਕਮਿਸ਼ਨਰ ਨੇ ਇਸ ਜਾਂਚ ਬਾਬਤ ਬੇਨਤੀ ਸਵੀਕਾਰਨ ਦੀ ਪੁਸ਼ਟੀ ਕੀਤੀ ਹੈ ਤੇ ਆਖਿਆ ਹੈ ਕਿ ਉਹ ਇਹ ਪਤਾ ਲਾਉਣਗੇ ਕਿ ਚੀਫ ਆਫ ਸਟਾਫ ਵੱਲੋਂ ਪਬਲਿਕ ਸਰਵਿਸ ਆਫ ਓਨਟਾਰੀਓ ਐਕਟ, 2006 ਅਨੁਸਾਰ ਹੀ ਕੰਮ ਕੀਤਾ ਗਿਆ ਜਾਂ ਇਸ ਤੋਂ ਉਲਟ ਕਾਰਵਾਈ ਕੀਤੀ ਗਈ। ਆਪਣੀ

... ਬਾਕੀ ਸਫਾ 2 'ਤੇ

## ਅਪਾਰਟਮੈਂਟ ਵਿੱਚੋਂ ਮਿਲੀ 67 ਸਾਲਾ ਵਿਅਕਤੀ ਦੀ ਲਾਸ਼, ਕਤਲ ਮੰਨ ਕੇ ਜਾਂਚ ਕਰ ਰਹੀ ਹੈ ਪੁਲਿਸ




ਟੋਰਾਂਟੋ, 10 ਅਗਸਤ (ਪੋਸਟ ਬਿਊਰੋ) : ਆਪਣੇ ਯੌਰਕ ਅਪਾਰਟਮੈਂਟ ਦੇ ਵਿੱਚ ਮ੍ਰਿਤਕ ਪਏ ਮਿਲੇ ਵਿਅਕਤੀ ਦੇ ਮਾਮਲੇ ਨੂੰ ਕਤਲ ਕੇਸ ਮੰਨ ਕੇ ਟੋਰਾਂਟੋ ਪੁਲਿਸ ਵੱਲੋਂ ਜਾਂਚ ਕੀਤੀ ਜਾ ਰਹੀ ਹੈ।

ਬੁੱਧਵਾਰ ਨੂੰ ਸ਼ਾਮੀਂ 6:30 ਵਜੇ ਦੇ ਨੇੜੇ ਤੇੜੇ ਜਾਂਚਕਾਰਾਂ ਨੂੰ ਬੈਲੇਵਿਊ ਕ੍ਰੀਸੈਂਟ ਤੇ ਵੈਸਟਨ ਰੋਡ ਏਰੀਆ ਵਿੱਚ ਸਥਿਤ ਇੱਕ ਘਰ ਵਿੱਚ ਇੱਕ ਵਿਅਕਤੀ ਦੇ ਮ੍ਰਿਤਕ ਪਾਏ ਜਾਣ ਦੀ ਖਬਰ ਦਿੱਤੀ ਗਈ। ਪੁਲਿਸ ਵੱਲੋਂ ਕੀਤੀ ਗਈ ਜਾਂਚ ਤੋਂ ਪਤਾ ਚੱਲਿਆ ਕਿ ਲਾਸ਼ ਕਿਸੇ ਪੁਰਸ਼ ਦੀ ਹੈ। ਮ੍ਰਿਤਕ ਦੀ ਪਛਾਣ ਟੋਰਾਂਟੋ ਦੇ 67 ਸਾਲਾ ਅਹਿਮਦ ਹਸਨ ਵਜੋਂ ਹੋਈ। ਹੋਮੀਸਾਈਡ ਤੇ ਮਿਸਿੰਗ ਪਰਸਨਜ਼ ਯੂਨਿਟ ਵੱਲੋਂ ਮਾਮਲੇ ਦੀ ਜਾਂਚ ਆਪਣੇ ਹੱਥ ਵਿੱਚ ਲੈ ਲਈ ਗਈ ਹੈ। ਇਸ ਮਾਮਲੇ ਵਿੱਚ ਕੋਈ ਹੋਰ ਜਾਣਕਾਰੀ ਮੁਹੱਈਆ ਨਹੀਂ ਕਰਵਾਈ ਗਈ।

NOW HIRING !!!
ALLKIND INSURANCE
• Life Insurance • Super Visa Insurance
• Critical illness Ins • Mortgage Insurance
• Travel & Visitor Ins • Disability Insurance
• RESP & TFSA & RRSP • Funeral Insurance
SIMRAN SAINI 416.994.7272
www.allkindinsurance.com

INSURANCE
Home, Auto, Business, Trucking, Life Insurance, Commercial
647-206-2452 Sukhwinder K Singh
CONNEX 7050A Bramalea Rd, Unit # 13, Mississauga, ON L5S 1T1

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6 Brampton, ON, L6P 3W4
Open Saturday
Providing excellent quality legal services to our clients

Royal Pest Control
Residential Commercial Industrial
Specialist in Bedbugs Service
All Pest Control :
Mouse & Rats • Spiders & Fleas • Bedbugs • Wasps • Cockroaches • Carpenter Ants • Silver Fish • Racoons
Call : PARESH PATEL
416 938 4598

KELLEY LAW OFFICE
Immigration, Real Estate, Family Law, Business Closing, Corporate, Wills & Estate, Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜ਼ਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਦਰਾਂ ਅਤੇ ਹੋਰ ਕਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley 905-362-0755

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

OURR HOME & APPLIANCES
UNBEATABLE DEALS FOR THE WEEK
AT OURR HOME APPLIANCES!
REGULAR PACKAGE $3599
SWITCH TO ELECTRIC STOVE IN $0
JENNAIR CAFÉ KitchenAid Electrolux LG FRIGIDAIRE elica BOSCH Whirlpool GE MAYTAG AMANA SAMSUNG VentAHood Hisense Danby
Unit #1, 241 Clarence Street, Brampton, ON, L6W 3E7, (416) 551-3343 | 44 Fasken Dr, Unit#2-9, Etobicoke, ON, M9W 5M8, (416) 792-0877 | 5781 Highway 7 Unit 10, Vaughan, ON, L4L 1T8, (416) 477-5556 | 1050 Speers Road, Oakville, ON, L6L 2X4, (416) 613-0555 | Unit #6 - 410 Lewis Road, Stoney Creek, ON, L8E 5Y7, (905) 643-0818 | Unit #4 -1540 Fanshawe Park Road West, London, ON, N6H 5L8, (519) 641-1010
416-551-5553 | www.ourrhomeappliances.com

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal Qualified Credit Counsellor
www.MakeMeDebtFree.ca 416-502-3100 Unit #20 - 7015 Tranmere Drive Mississauga, ON L5S 1T7

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
AvonFinancial Inc. Advice you can bank on. Brokerage Lic. 12538
Cell: 416-841-4218 Tel: 905-216-5563
Harpreet Singh Goraya Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

ਨਵਾਂ ਘਾਹ ਲਵਾਉ | 647-784-1213 www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Allstate. You're in good hands.
Home + Auto Insurance
Simran Bhaiwal, Allstate Sales Agent, Waterdown Agency, 94 Dundas Street East Unit 3, 289-678-4024

SUPER VISA INSURANCE EXPERTS
Punjab Insurance Inc
Disability Insurance, Mortgage Insurance, Life Insurance, Visitor & Travel Insurance, RESP(Education Plan), Critical Illness Insurance
RANJIT GILL Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca | hpinsuranceservices.ca

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352) Manwinder Mangat
Axcel InsuranceBrokers Ltd. 1332 Khalsa Dr, Unit # 11, Mississauga, ON L5S 0A2

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
JATINDERBIR S BAJWA Insurance Broker
Dir: 647-928-4990
www.ufsinsurance.com
# 25-831 Bovaird Dr. W. Brampton, ON L6X0T9 | www.ufsinsurance.com

CN Forklift Training Center
Counterbalance, Walkie pallet, Electric Motor Narrow Aisle Reach, Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333 www.mannlawfirm.ca

# ਘਰ ਵਿੱਚ ਲੱਗੀ ਅੱਗ, ਇੱਕ ਵਿਅਕਤੀ ਹੋਇਆ ਜ਼ਖ਼ਮੀ



ਨੌਰਥ ਯੌਰਕ, 10 ਅਗਸਤ (ਪੋਸਟ ਬਿਊਰੋ) : ਵੀਰਵਾਰ ਸਵੇਰ ਨੂੰ ਨੌਰਥ ਯੌਰਕ ਵਿੱਚ ਇੱਕ ਘਰ ਵਿੱਚ ਲੱਗੀ ਜ਼ਬਰਦਸਤ ਅੱਗ ਕਾਰਨ ਇੱਕ ਵਿਅਕਤੀ ਜ਼ਖ਼ਮੀ ਹੋ ਗਿਆ ਤੇ ਉਸ ਨੂੰ ਗੰਭੀਰ ਹਾਲਤ ਵਿੱਚ ਇਲਾਜ ਲਈ ਹਸਪਤਾਲ ਲਿਜਾਇਆ ਗਿਆ।

ਜੇਨ ਸਟਰੀਟ ਤੇ ਫਿੰਚ ਐਵਨਿਊ ਵੈਸਟ ਨੇੜੇ ਕੈਂਡਲਵੁੱਡ ਕ੍ਰੀਸੈਂਟ ਉੱਤੇ ਸਥਿਤ ਘਰ ਵਿੱਚ ਲੱਗੀ ਇਸ ਅੱਗ ਦੀ ਜਾਣਕਾਰੀ ਦੇ ਕੇ ਟੋਰਾਂਟੋ ਫਾਇਰ ਅਮਲੇ ਨੂੰ ਸਵੇਰੇ ਤੜਕੇ 2:30 ਵਜੇ ਦੇ ਨੇੜੇ ਤੇੜੇ ਸੱਦਿਆ ਗਿਆ। ਘਰ ਵਿੱਚ ਚਾਰੇ ਪਾਸੇ ਧੂੰਆਂ ਹੀ ਧੂੰਆਂ ਫੈਲਿਆ ਹੋਇਆ ਸੀ।

ਫਾਇਰ ਕ੍ਰਿਊ ਵੱਲੋਂ ਘਰ ਦੀ ਦੂਜੀ ਮੰਜ਼ਿਲ ਤੋਂ ਇੱਕ ਵਿਅਕਤੀ ਨੂੰ ਬਚਾਇਆ ਗਿਆ ਤੇ ਐਮਰਜੰਸੀ ਸੇਵਾਵਾਂ ਵੱਲੋਂ ਉਸ ਨੂੰ ਹਸਪਤਾਲ ਲਿਜਾਇਆ ਗਿਆ। ਫਾਇਰ ਕ੍ਰਿਊ ਵੱਲੋਂ ਅੱਗ ਉੱਤੇ ਕਾਬੂ ਪਾ ਲਿਆ ਗਿਆ ਹੈ ਪਰ ਅੱਗ ਲੱਗਣ ਦੇ ਕਾਰਨਾਂ ਦਾ ਅਜੇ ਪਤਾ ਨਹੀਂ ਲੱਗ ਸਕਿਆ। ਅੱਗ ਦੁਬਾਰਾ ਨਾ ਫੈਲੇ ਇਸ ਲਈ ਸਥਿਤੀ ਉੱਤੇ ਨਜ਼ਰ ਵੀ ਰੱਖੀ ਜਾ ਰਹੀ ਹੈ।

# ਮਹਿਲਾ ਡਾਕਟਰ ਸਮੇਤ ਨਸ਼ਿਆਂ ਦੀ ਲੈਬ ਚਲਾਉਣ ਵਾਲੇ 12 ਵਿਅਕਤੀਆਂ ਨੂੰ ਕੀਤਾ ਗਿਆ ਗ੍ਰਿਫਤਾਰ

ਸਫਾ 1 ਦਾ ਬਾਕੀ

ਇਕਿਉਪਮੈਂਟ ਅਮਰੀਕਾ ਸਥਿਤ ਕੰਪਨੀ ਵੱਲੋਂ ਭੇਜੇ ਗਏ ਹਨ। ਅਮਰੀਕਾ ਸਥਿਤ ਇਸ ਕੰਪਨੀ ਵੱਲੋਂ ਤਿੰਨ ਆਈਟਮਾਂ (ਇਕਿਉਪਮੈਂਟ) ਓਸ਼ਵਾ ਸਥਿਤ ਕੰਪਨੀ ਨੂੰ ਵੇਚੀਆਂ ਗਈਆਂ। ਇਸ ਨਾਲ ਜਾਂਚਕਾਰਾਂ ਨੂੰ ਨਸ਼ਿਆਂ ਦੇ ਨੈੱਟਵਰਕ ਵਿੱਚ ਸੰਨ੍ਹ ਲਾਉਣ ਦਾ ਮੌਕਾ ਮਿਲਿਆ। ਇਸ ਮਗਰੋਂ ਹੈਮਿਲਟਨ, ਮਾਊਂਟ ਐਲਬਰਟ, ਸਮਿੱਥਵਿੱਲ, ਟੋਰਾਂਟੋ, ਵ੍ਹਿਟਚਰਚ-ਸਟੱਫਵਿੱਲ ਤੇ ਵਾਅਨ ਵਿੱਚ ਸਰਚ ਵਾਰੰਟ ਕਢਵਾ ਕੇ ਛਾਪੇਮਾਰੀਆਂ ਕੀਤੀਆਂ ਗਈਆਂ।

ਇਸ ਦੌਰਾਨ ਫੈਂਟਾਨਿਲ ਦੀਆਂ ਦੋ ਲੈਬਜ਼ ਮਿਲੀਆਂ, ਜਿਨ੍ਹਾਂ ਵਿੱਚੋਂ ਇੱਕ ਚਾਲੂ ਸੀ ਤੇ ਦੂਜੀ ਬੰਦ ਸੀ। ਇਹ ਸਮਿੱਥਵਿੱਲ ਵਿੱਚ 6800 ਸਿਕਸਟੀਨ ਰੋਡ ਅਤੇ ਸਟੱਫਵਿੱਲ ਵਿੱਚ 4057 ਬੈਥੇਸਡਾ ਰੋਡ ਉੱਤੇ ਸਥਿਤ ਸਨ। ਇਸ ਤੋਂ ਇਲਾਵਾ ਪੁਲਿਸ ਨੂੰ 800 ਗੈਲਨ ਕੈਮੀਕਲ ਵੀ ਮਿਲਿਆ, ਜਿਸ ਦੀ ਵਰਤੋਂ ਫੈਂਟਾਨਿਲ ਬਣਾਉਣ ਲਈ ਕੀਤੀ ਜਾਂਦੀ ਹੈ, ਇਸ ਦੇ ਨਾਲ ਹੀ 64 ਕਿੱਲੋਗ੍ਰਾਮ ਦੇ ਗੈਰਕਾਨੂੰਨੀ ਨਸ਼ੇ ਵੀ ਬਰਾਮਦ ਹੋਏ ਜਿਨ੍ਹਾਂ ਵਿੱਚ 25•6 ਕਿੱਲੋਗ੍ਰਾਮ ਫੈਂਟਾਨਿਲ, 18 ਕਿੱਲੋਗ੍ਰਾਮ ਮੈਥਾਮਫੈਟਾਮਾਈਨ ਤੇ 6•0 ਕਿੱਲੋਗ੍ਰਾਮ ਕੈਟਾਮਾਈਨ ਸ਼ਾਮਲ ਹਨ। ਇਸ ਦੌਰਾਨ ਲਈ ਗਈ ਤਲਾਸ਼ੀ ਵਿੱਚ ਕਾਰਾਂ, ਗਹਿਣੇ, ਫਰਨੀਚਰ ਤੇ ਨਕਦੀ ਮਿਲਾ ਕੇ 350,000 ਡਾਲਰ ਦਾ ਸਮਾਨ ਵੀ ਬਰਾਮਦ ਹੋਇਆ।

ਇਸ ਦੌਰਾਨ ਟੋਰਾਂਟੋ ਦੀ 31 ਸਾਲਾ ਡਾਕਟਰ ਸਮੇਤ 12 ਵਿਅਕਤੀਆਂ ਨੂੰ 48 ਚਾਰਜਿਜ਼ ਦੇ ਸਬੰਧ ਵਿੱਚ ਗ੍ਰਿਫਤਾਰ ਕੀਤਾ ਗਿਆ। ਗ੍ਰਿਫਤਾਰ ਕੀਤੇ ਗਏ 12 ਵਿਅਕਤੀਆਂ ਵਿੱਚੋਂ 8 ਹੈਮਿਲਟਨ ਤੋਂ ਹਨ। ਇਨ੍ਹਾਂ ਵਿੱਚ 19 ਤੇ 20 ਸਾਲ ਦੇ ਵਿਅਕਤੀ ਵੀ ਸ਼ਾਮਲ ਹਨ। ਗ੍ਰਿਫਤਾਰ ਕੀਤੇ ਗਏ ਵਿਅਕਤੀਆਂ ਦੇ ਨਾਂ ਹੇਠ ਲਿਖੇ ਅਨੁਸਾਰ ਹਨ :

- Ly Duy Luan Do, 33-year-old from Hamilton
- Charanpal Gill, 28-year-old from Stoney Creek
- Jasanpal Gill, 22-year-old from Stoney Creek
- Shkelqim Ibishi, 30-year-old, from Hamilton,
- Cindy Ly, 31-year-old physician from Toronto
- Elizabeth Milne, 33-year-old from Welland
- Garry Moore, 45-year-old from Smithville
- Amanpreet Shergill, 30-year-old from Smithville
- Ghais Sultani, 32-year-old from Hamilton
- Akela Sultani, 59-year-old from Hamilton
- Fais Sultani, 20-year-old from Hamilton
- Weeda Sultani, 19-year-old from Hamilton

## ਅੱਜ ਨਾਮਾ

ਆਪੋਜ਼ੀਸ਼ਨ ਦਾ ਬੋਲੇ ਕੋਈ ਜਦੋਂ ਲੀਡਰ,
ਲਾਈ ਬੱਸ ਜਾਪਦੀਸਿਖਰਲੀਚੋਟ ਬੇਲੀ।
ਨੁਕਤੇ ਨਾਲ ਪਿਆ ਜੋੜਦਾ ਇੰਜ ਨੁਕਤਾ,
ਗਿਣ ਗਿਣ ਦੱਸੇ ਸਰਕਾਰ ਦਾ ਖੋਟ ਬੇਲੀ।
ਹਾਕਮ ਧਿਰ ਦੀ ਆਉਂਦੀ ਹੈ ਜਦੋਂ ਵਾਰੀ,
ਦੇਂਦੇ ਰਹਿਣ ਨਹੀਂ ਉਹ ਕੋਈ ਟੋਟ ਬੇਲੀ।
ਉਨ੍ਹਾਂ ਦੀ 'ਵਾਜ਼ ਦੀ ਵੱਖਰੀ ਬੜ੍ਹਕ ਦੱਸੇ,
ਮੁੱਦੇ ਲਿਆਏ ਨੇ ਕੂੰਡੇ ਵਿੱਚ ਘੋਟ ਬੇਲੀ।
ਦੋਵਾਂ ਈ ਧਿਰਾਂ ਨੂੰ ਸੁਣੇ ਜਦ ਆਮ ਬੰਦਾ,
ਸਕਦਾ ਅੰਦਰ ਦੀ ਜਾਣ ਨਾ ਰਮਜ਼ ਬੇਲੀ।
ਕਿੱਧਰ ਘਿਉ ਦਾ ਕੁੱਪਾ ਸਭ ਰੁੜ੍ਹੀ ਜਾਂਦਾ,
ਆਦਮੀ ਆਮ ਨੂੰ ਆਏ ਨਾ ਸਮਝ ਬੇਲੀ।

**ਤੀਸ ਮਾਰ ਖਾਂ**

# ਫੋਰਡ ਨੇ ਇੰਟੇਗ੍ਰਿਟੀ ਕਮਿਸ਼ਨਰ ਨੂੰ ਹਾਊਸਿੰਗ ਮਨਿਸਟਰ ਦੇ ਚੀਫ ਆਫ ਸਟਾਫ ਦੇ ਮਾਮਲੇ ਦੀ ਜਾਂਚ ਕਰਨ ਲਈ ਆਖਿਆ

ਸਫਾ 1 ਦਾ ਬਾਕੀ

ਰਿਪੋਰਟ ਵਿੱਚ ਆਡੀਟਰ ਜਨਰਲ ਬੋਨੀ ਲਿਸਕਸ ਨੇ ਆਖਿਆ ਸੀ ਕਿ ਹਾਊਸਿੰਗ ਮੰਤਰੀ ਸਟੀਵ ਕਲਾਰਕ ਦੇ ਚੀਫ ਆਫ ਸਟਾਫ ਵੱਲੋਂ ਸਾਈਟਸ ਦੀ ਚੋਣ ਕਰਨ ਦੇ ਮਾਮਲੇ ਵਿੱਚ ਕੁੱਝ ਡਿਵੈਲਪਰਜ਼ ਦਾ ਪੱਖ ਪੂਰਿਆ ਗਿਆ ਹੋ ਸਕਦਾ ਹੈ। ਇਹ ਮਾਮਲਾ ਇਸ ਤਰ੍ਹਾਂ ਹੈ ਕਿ ਜੁਲਾਈ 2022 ਵਿੱਚ ਪ੍ਰੀਮੀਅਰ ਦੇ ਚੀਫ ਆਫ ਸਟਾਫ ਵੱਲੋਂ ਹਾਊਸਿੰਗ ਮਨਿਸਟਰ ਦੇ ਚੀਫ ਆਫ ਸਟਾਫ ਦੀ ਨਿਯੁਕਤੀ ਕੀਤੀ ਗਈ ਸੀ। ਉਸ ਨੂੰ ਇਹ ਜ਼ਿੰਮੇਵਾਰੀ ਵੀ ਦਿੱਤੀ ਗਈ ਸੀ ਕਿ ਗ੍ਰੀਨਬੈਲਟ ਦੀ ਬਾਊਂਡਰੀ ਵਿੱਚ ਤਬਦੀਲੀ ਲਿਆਉਣ ਦੇ ਪ੍ਰੋਜੈਕਟ ਨੂੰ ਉਹ ਸਾਂਭੇ। ਪਰ ਆਡੀਟਰ ਜਨਰਲ ਦੀ ਰਿਪੋਰਟ ਮੁਤਾਬਕ ਇਸ ਵਿੱਚ ਕੁੱਝ ਖਾਮੀਆਂ ਪਾਈਆਂ ਗਈਆਂ ਹਨ।

ਬੁੱਧਵਾਰ ਨੂੰ ਪ੍ਰੀਮੀਅਰ ਫੋਰਡ ਨੇ ਇਹ ਮੰਨਿਆ ਕਿ ਗ੍ਰੀਨਬੈਲਟ ਤੋਂ ਹਟਾ ਕੇ ਡਿਵੈਲਪਮੈਂਟ ਲਈ ਵਰਤੀਆਂ ਜਾਣ ਵਾਲੀਆਂ 15 ਸਾਈਟਸ ਦੀ ਚੋਣ ਹੋਰ ਧਿਆਨ ਨਾਲ ਕੀਤੀ ਜਾ ਸਕਦੀ ਸੀ। ਉਨ੍ਹਾਂ ਇਹ ਵੀ ਆਖਿਆ ਕਿ ਇਸ ਮਾਮਲੇ ਦੀ ਉਹ ਪੂਰੀ ਜ਼ਿੰਮੇਵਾਰੀ ਲੈਂਦੇ ਹਨ ਤੇ ਡਿਵੈਲਪਮੈਂਟ ਦੀ ਪ੍ਰਕਿਰਿਆ ਨੂੰ ਹੋਰ ਬਿਹਤਰ ਬਣਾਉਣ ਦੀ ਕੋਸ਼ਿਸ਼ ਕੀਤੀ ਜਾਵੇਗੀ।

# ਗੱਡੀ ਵੱਲੋਂ ਟੱਕਰ ਮਾਰੇ ਜਾਣ ਕਾਰਨ ਰਾਹਗੀਰ ਦੀ ਹੋਈ ਮੌਤ



ਬਰੈਂਪਟਨ, 10 ਅਗਸਤ (ਪੋਸਟ ਬਿਊਰੋ) : ਬਰੈਂਪਟਨ ਵਿੱਚ ਇੱਕ ਗੱਡੀ ਵੱਲੋਂ ਟੱਕਰ ਮਾਰੇ ਜਾਣ ਕਾਰਨ ਇੱਕ ਰਾਹਗੀਰ ਦੀ ਮੌਤ ਹੋ ਗਈ।

ਪੀਲ ਰੀਜਨਲ ਪੁਲਿਸ ਨੂੰ ਇੱਕ ਵਿਅਕਤੀ ਨੂੰ ਗੱਡੀ ਵੱਲੋਂ ਟੱਕਰ ਮਾਰੇ ਜਾਣ ਦੀਆਂ ਖਬਰਾਂ ਦੇ ਕੇ ਰਾਤੀਂ 9:30 ਵਜੇ ਤੋਂ ਪਹਿਲਾਂ ਕੁਈਨ ਸਟਰੀਟ ਈਸਟ ਤੇ ਰੁਦਰਫੋਰਡ ਰੋਡ ਨੌਰਥ ਏਰੀਆ ਵਿੱਚ ਸੱਦਿਆ ਗਿਆ। ਅਧਿਕਾਰੀਆਂ ਨੇ ਦੱਸਿਆ ਕਿ ਰਾਹਗੀਰ ਨੂੰ ਮੌਕੇ ਉੱਤੇ ਹੀ ਮ੍ਰਿਤਕ ਐਲਾਨ ਦਿੱਤਾ ਗਿਆ। ਡਰਾਈਵਰ ਵੀ ਘਟਨਾ ਵਾਲੀ ਥਾਂ ਉੱਤੇ ਮੌਜੂਦ ਰਿਹਾ।

ਕੈਨੇਡੀ ਤੇ ਕੁਈਨ ਤੋਂ ਪੂਰਬ ਵੱਲ ਕੋਈ ਖਾਸ ਟਰੈਫਿਕ ਵੀ ਨਹੀਂ ਸੀ। ਪੁਲਿਸ ਵੱਲੋਂ ਮੋਟਰਚਾਲਕਾਂ ਨੂੰ ਇਸ ਇਲਾਕੇ ਤੋਂ ਦੂਰ ਰਹਿਣ ਦੀ ਅਪੀਲ ਕੀਤੀ ਜਾ ਰਹੀ ਹੈ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜ਼ੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜ਼ੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ –
ਤੁਹਾਡੀ ਭਾਸ਼ਾ ਬੋਲਦੇ – Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਬੇਭਰੋਸਗੀ ਮਤਾ ਡਿੱਗਿਆ, 2 ਘੰਟੇ 12 ਮਿੰਟ ਲਈ ਬੋਲੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ- ਕਿਹਾ, ਬੇਭਰੋਸਗੀ ਮਤਾ ਸਾਡੇ ਲਈ ਸ਼ੁਭ

ਨਵੀਂ ਦਿੱਲੀ, 10 ਅਗਸਤ (ਪੋਸਟ ਬਿਊਰੋ): ਸੰਸਦ ਵਿਚ ਬੇਭਰੋਸਗੀ ਮਤੇ 'ਤੇ ਬਹਿਸ ਦੇ ਤੀਜੇ ਦਿਨ ਵੀਰਵਾਰ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਜਵਾਬ ਦਿੱਤਾ। 2 ਘੰਟੇ 12 ਮਿੰਟ ਦੇ ਭਾਸ਼ਣ ਵਿੱਚ ਪ੍ਰਧਾਨ ਮੰਤਰੀ ਨੇ ਕਿਹਾ ਕਿ ਯੂਪੀਏ ਨੂੰ ਲੱਗਦਾ ਹੈ ਕਿ ਦੇਸ਼ ਦੇ ਨਾਮ ਦੀ ਵਰਤੋਂ ਕਰਕੇ ਭਰੋਸੇਯੋਗਤਾ ਵਧਾਈ ਜਾ ਸਕਦੀ ਹੈ। ਇਹ ਇੰਡੀਆ ਗਠਜੋੜ ਨਹੀਂ ਹੈ। ਇਹ ਹੰਕਾਰੀ ਗਠਜੋੜ ਹੈ। ਹਰ ਕੋਈ ਆਪਣੇ ਜਲੂਸ ਵਿੱਚ ਲਾੜਾ ਬਣਨਾ ਚਾਹੁੰਦਾ ਹੈ। ਹਰ ਕੋਈ ਪ੍ਰਧਾਨ ਮੰਤਰੀ ਬਣਨਾ ਚਾਹੁੰਦਾ ਹੈ। ਮੋਦੀ ਦੇ ਭਾਸ਼ਣ ਤੋਂ ਬਾਅਦ ਬੇਭਰੋਸਗੀ ਮਤੇ 'ਤੇ ਵੋਟਿੰਗ ਹੋਈ, ਜਿਸ 'ਚ ਮਤਾ ਆਵਾਜ਼ੀ ਮਤ ਨਾਲ ਡਿੱਗ ਗਿਆ।



ਇੱਥੇ ਮੋਦੀ ਦਾ ਭਾਸ਼ਣ ਸ਼ੁਰੂ ਹੋਣ ਦੇ ਇੱਕ ਘੰਟੇ ਬਾਅਦ ਵਿਰੋਧੀ ਪਾਰਟੀਆਂ ਨੇ ਵੀ ਵਾਂਟ ਮਨੀਪੁਰ ਦੇ ਨਾਅਰੇ ਲਾਏ। ਵਿਰੋਧੀ ਧਿਰ ਦੇ ਸੰਸਦ ਮੈਂਬਰ 90 ਮਿੰਟ ਬਾਅਦ ਸਦਨ ਤੋਂ ਵਾਕਆਊਟ ਕਰ ਗਏ। 26 ਜੁਲਾਈ ਨੂੰ ਵਿਰੋਧੀ ਧਿਰ ਨੇ ਮਨੀਪੁਰ ਮੁੱਦੇ 'ਤੇ ਕੇਂਦਰ ਸਰਕਾਰ ਵਿਰੁੱਧ ਬੇਭਰੋਸਗੀ ਮਤਾ ਲਿਆਉਣ ਦਾ ਫੈਸਲਾ ਕੀਤਾ ਸੀ। ਅਗਲੇ ਦਿਨ ਯਾਨੀ 27 ਜੁਲਾਈ ਨੂੰ ਲੋਕ ਸਭਾ ਦੇ ਸਪੀਕਰ ਨੇ ਵਿਰੋਧੀ ਧਿਰ ਦੇ ਪ੍ਰਸਤਾਵ ਨੂੰ ਸਵੀਕਾਰ ਕਰ ਲਿਆ।

ਇਸ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਕਿ ਮੈਂ ਪ੍ਰਮਾਤਮਾ ਦਾ ਧੰਨਵਾਦ ਕਰਦਾ ਹਾਂ ਕਿ ਉਸਨੇ ਵਿਰੋਧੀ ਧਿਰ ਨੂੰ ਸੁਝਾਅ ਦਿੱਤਾ ਅਤੇ ਉਹ ਪ੍ਰਸਤਾਵ ਲੈ ਕੇ ਆਏ। 2018 'ਚ ਵੀ ਉਨ੍ਹਾਂ ਨੇ ਬੇਭਰੋਸਗੀ ਮਤਾ ਲਿਆਂਦਾ ਸੀ। ਉਦੋਂ ਮੈਂ ਕਿਹਾ ਸੀ ਕਿ ਇਹ ਸਾਡੀ ਸਰਕਾਰ ਲਈ ਫਲੋਰ ਟੈਸਟ ਨਹੀਂ ਹੈ। ਇਹ ਉਸਦਾ ਫਲੋਰ ਟੈਸਟ ਹੈ। ਉਹੀ ਗੱਲ ਹੋਈ। ਜਦੋਂ ਵੋਟਿੰਗ ਹੋਈ ਤਾਂ ਵਿਰੋਧੀ ਧਿਰ ਓਨੀਆਂ ਵੋਟਾਂ ਵੀ ਇਕੱਠੀਆਂ ਨਹੀਂ ਕਰ ਸਕੀ ਜਿੰਨੀਆਂ ਉਨ੍ਹਾਂ ਕੋਲ ਸਨ।

ਇਨਾ ਹੀ ਨਹੀਂ ਜਦੋਂ ਅਸੀਂ ਸਾਰੇ ਲੋਕਾਂ ਸਾਹਮਣੇ ਗਏ ਤਾਂ ਲੋਕਾਂ ਨੇ ਵੀ ਪੂਰੇ ਜ਼ੋਰ ਨਾਲ ਉਨ੍ਹਾਂ 'ਤੇ ਬੇਭਰੋਸਗੀ ਦਾ ਐਲਾਨ ਕਰ ਦਿੱਤਾ। ਐੱਨਡੀਏ ਨੂੰ ਚੋਣਾਂ ਵਿੱਚ ਜ਼ਿਆਦਾ ਸੀਟਾਂ ਮਿਲੀਆਂ। ਇੱਕ ਤਰ੍ਹਾਂ ਨਾਲ ਵਿਰੋਧੀ ਧਿਰ ਦਾ ਬੇਭਰੋਸਗੀ ਮਤਾ ਸਾਡੇ ਲਈ ਸ਼ੁਭ ਹੈ। ਐੱਨਡੀਏ ਅਤੇ ਭਾਜਪਾ 2024 ਦੀਆਂ ਚੋਣਾਂ ਵਿੱਚ ਸਾਰੇ ਪੁਰਾਣੇ ਰਿਕਾਰਡ ਤੋੜ ਕੇ ਲੋਕਾਂ ਦੇ ਆਸ਼ੀਰਵਾਦ ਨਾਲ ਵਾਪਿਸ ਆਉਣਗੇ।

# ਅਮਰੀਕੀ ਰਾਸ਼ਟਰਪਤੀ ਨੂੰ ਮਾਰਨ ਦੀ ਧਮਕੀ ਦੇਣ ਵਾਲਾ ਐੱਫ.ਬੀ.ਆਈ. ਵੱਲੋਂ ਮੁਕਾਬਲੇ ਵਿੱਚ ਮਾਰਿਆ ਗਿਆ

## ਉਪ ਰਾਸ਼ਟਰਪਤੀ ਕਮਲਾ ਹੈਰਿਸ ਨੂੰ ਵੀ ਮਾਰਨਾ ਚਾਹੁੰਦਾ ਸੀ ਵਿਅਕਤੀ

ਵਾਸ਼ਿੰਗਟਨ, 10 ਅਗਸਤ (ਪੋਸਟ ਬਿਊਰੋ): ਅਮਰੀਕੀ ਰਾਸ਼ਟਰਪਤੀ ਜੋਅ ਬਿਡੇਨ ਨੂੰ ਮਾਰਨ ਦੀ ਧਮਕੀ ਦੇਣ ਵਾਲੇ ਵਿਅਕਤੀ ਨੂੰ ਐੱਫ.ਬੀ.ਆਈ. ਨੇ ਇੱਕ ਮੁਕਾਬਲੇ ਵਿੱਚ ਮਾਰ ਦਿੱਤਾ ਹੈ। ਅਮਰੀਕਾ ਦੀ ਗ੍ਰਹਿ ਖੁਫੀਆ ਏਜੰਸੀ ਐਫਬੀਆਈ ਨੇ ਇਹ ਐਨਕਾਊਂਟਰ ਉਸ ਸਮੇਂ ਕੀਤਾ ਹੈ ਜਦੋਂ ਰਾਸ਼ਟਰਪਤੀ ਅਗਲੇ ਸਾਲ ਹੋਣ ਵਾਲੀਆਂ ਚੋਣਾਂ ਦੇ ਪ੍ਰਚਾਰ ਲਈ ਅਮਰੀਕੀ ਰਾਜ ਉਟਾਹ ਜਾਣ ਵਾਲੇ ਸਨ। ਸਤੰਬਰ 2022 ਵਿੱਚ, ਉਟਾਹ ਦੇ ਇੱਕ ਵਿਅਕਤੀ ਰੌਬਰਟਸਨ ਨੇ ਬਿਡੇਨ ਅਤੇ ਉਪ ਰਾਸ਼ਟਰਪਤੀ ਕਮਲਾ ਹੈਰਿਸ ਨੂੰ ਮਾਰਨ ਦੀ ਧਮਕੀ ਦਿੱਤੀ ਸੀ।



ਐਫਬੀਆਈ ਅਨੁਸਾਰ, ਉਨ੍ਹਾਂ ਦੇ ਅਧਿਕਾਰੀਆਂ ਨੇ ਬੁੱਧਵਾਰ ਨੂੰ ਉਟਾਹ ਦੇ ਸਾਲਟ ਲੇਕ ਸਿਟੀ ਵਿੱਚ ਰੌਬਰਟਸਨ ਦੇ ਘਰ ਵਿੱਚ ਸਰਚ ਵਾਰੰਟ ਅਤੇ ਗ੍ਰਿਫਤਾਰੀ ਵਾਰੰਟ ਦੇਣ ਦੀ ਕੋਸ਼ਿਸ਼ ਕੀਤੀ। ਜਦੋਂ ਪੁਲਿਸ ਉੱਥੇ ਪਹੁੰਚੀ ਤਾਂ ਉਹ ਹਥਿਆਰਾਂ ਨਾਲ ਲੈਸ ਸੀ ਅਤੇ ਗੋਲੀਬਾਰੀ ਸ਼ੁਰੂ ਕਰ ਦਿੱਤੀ। ਇਸ ਤੋਂ ਬਾਅਦ ਐਫਬੀਆਈ ਨੇ ਵੀ ਜਵਾਬੀ ਕਾਰਵਾਈ ਕੀਤੀ ਜਿਸ ਵਿੱਚ ਰੌਬਰਟਸਨ ਮਾਰਿਆ ਗਿਆ। ਇਹ ਮੁਕਾਬਲਾ ਬੁੱਧਵਾਰ ਨੂੰ ਅਮਰੀਕੀ ਸਮੇਂ ਮੁਤਾਬਕ ਸਵੇਰੇ 6:15 ਵਜੇ ਹੋਇਆ।

ਨਿਊਯਾਰਕ ਟਾਈਮਜ਼ ਦੀ ਰਿਪੋਰਟ ਮੁਤਾਬਕ ਐਫਬੀਆਈ ਨੇ ਰਾਬਰਟਸਨ ਦੇ ਐਨਕਾਊਂਟਰ ਬਾਰੇ ਰਾਸ਼ਟਰਪਤੀ ਜੋਅ ਬਿਡੇਨ ਨੂੰ ਵੀ ਜਾਣਕਾਰੀ ਦਿੱਤੀ ਹੈ। ਜਦੋਂ ਇਸ ਮਾਮਲੇ 'ਚ ਰੌਬਰਟਸਨ ਦੀ ਬੇਟੀ ਤੋਂ ਪੁੱਛਗਿੱਛ ਕੀਤੀ ਗਈ ਤਾਂ ਉਸ ਨੇ ਕੁਝ ਵੀ ਕਹਿਣ ਤੋਂ ਇਨਕਾਰ ਕਰ ਦਿੱਤਾ। ਐਫਬੀਆਈ ਨੇ ਦੱਸਿਆ ਹੈ ਕਿ ਰੌਬਰਟਸਨ ਕੋਲ ਕਈ ਖਤਰਨਾਕ ਹਥਿਆਰ ਸਨ। ਇਨ੍ਹਾਂ ਵਿੱਚ ਕਈ ਤਰ੍ਹਾਂ ਦੀਆਂ ਸਨਾਈਪਰ ਰਾਈਫਲਾਂ ਸ਼ਾਮਿਲ ਹਨ।

# 'ਆਪ' ਸਾਂਸਦ ਰਾਘਵ ਚੱਢਾ ਨੇ ਕਿਹਾ: ਪ੍ਰਸਤਾਵ 'ਤੇ ਜਾਅਲੀ ਦਸਤਖਤ ਸਿਰਫ ਅਫਵਾਹ



ਨਵੀਂ ਦਿੱਲੀ, 10 ਅਗਸਤ (ਪੋਸਟ ਬਿਊਰੋ): 'ਆਪ' ਦੇ ਰਾਜ ਸਭਾ ਮੈਂਬਰ ਰਾਘਵ ਚੱਢਾ ਨੇ ਵੀਰਵਾਰ ਨੂੰ ਕਿਹਾ ਕਿ ਉਨ੍ਹਾਂ ਖਿਲਾਫ ਜਾਅਲੀ ਦਸਤਖਤਾਂ ਦੀ ਸ਼ਿਕਾਇਤ ਸਿਰਫ ਅਫਵਾਹ ਹੈ। ਭਾਜਪਾ ਦਾ ਦੋਸ਼ ਹੈ ਕਿ ਰਾਘਵ ਚੱਢਾ ਨੇ ਦਿੱਲੀ ਸੇਵਾ (ਸੋਧ) ਬਿੱਲ ਨੂੰ ਸਿਲੈਕਟ ਕਮੇਟੀ ਨੂੰ ਭੇਜਣ ਲਈ ਰਾਜ ਸਭਾ ਦੇ ਪ੍ਰਸਤਾਵ ਵਿੱਚ ਸੰਸਦ ਮੈਂਬਰਾਂ ਦੇ ਜਾਅਲੀ ਦਸਤਖਤ ਕੀਤੇ।

ਭਾਜਪਾ ਦੀ ਸ਼ਿਕਾਇਤ ਤੋਂ ਬਾਅਦ ਮਾਮਲੇ ਨੂੰ ਜਾਂਚ ਲਈ ਸੰਸਦ ਦੀ ਵਿਸ਼ੇਸ਼ ਅਧਿਕਾਰ ਕਮੇਟੀ ਕੋਲ ਭੇਜ ਦਿੱਤਾ ਗਿਆ ਹੈ। ਰਾਘਵ ਚੱਢਾ ਨੇ ਪਾਰਟੀ ਨੇਤਾ ਸੰਜੇ ਸਿੰਘ ਨਾਲ ਵੀਰਵਾਰ ਨੂੰ ਪ੍ਰੈੱਸ ਕਾਨਫਰੰਸ ਕੀਤੀ।

ਉਨ੍ਹਾਂ ਕਿਹਾ ਕਿ ਭਾਜਪਾ ਲਗਾਤਾਰ ਝੂਠ ਬੋਲ ਰਹੀ ਹੈ। ਮੈਨੂੰ ਸੱਚ ਦੱਸਣ ਲਈ ਅੱਗੇ ਆਉਣਾ ਪਿਆ। ਰਾਘਵ ਚੱਢਾ ਨੇ ਮੀਡੀਆ ਨੂੰ ਇੱਕ ਦਸਤਾਵੇਜ਼ ਦਿਖਾਇਆ।

ਚੱਢਾ ਨੇ ਕਿਹਾ ਕਿ ਇਹ ਰਾਜ ਸਭਾ ਸਕੱਤਰੇਤ ਦਾ ਬੁਲੇਟਿਨ ਹੈ। ਇਸ ਵਿੱਚ ਕਿਤੇ ਵੀ ਦਸਤਖ਼ਤ, ਜਾਅਲਸਾਜ਼ੀ, ਜਾਅਲਸਾਜ਼ੀ, ਜਾਅਲਸਾਜ਼ੀ ਵਰਗੇ ਸ਼ਬਦਾਂ ਦੀ ਵਰਤੋਂ ਨਹੀਂ ਕੀਤੀ ਗਈ। ਸਿਰਫ ਇਨਾ ਹੀ ਕਿਹਾ ਗਿਆ ਹੈ ਕਿ ਇਸ ਦੀ ਜਾਂਚ ਹੋਣੀ ਚਾਹੀਦੀ ਹੈ। ਜੇਕਰ ਭਾਜਪਾ ਕੋਲ ਅਜਿਹਾ ਕੋਈ ਜਾਅਲੀ ਦਸਤਖਤ ਵਾਲਾ ਕਾਗਜ਼ ਹੈ ਤਾਂ ਦਿਖਾਉਣ।

# ਇਕਵਾਡੋਰ ਦੇ ਰਾਸ਼ਟਰਪਤੀ ਅਹੁਦੇ ਦੇ ਉਮੀਦਵਾਰ ਨੂੰ ਰੈਲੀ ਤੋਂ ਬਾਅਦ ਸਿਰ ਵਿਚ ਮਾਰੀਆਂ ਗੋਲੀਆਂ

ਇਕਵਾਡੋਰ, 10 ਅਗਸਤ (ਪੋਸਟ ਬਿਊਰੋ): ਇਕਵਾਡੋਰ ਦੇ ਰਾਸ਼ਟਰਪਤੀ ਅਹੁਦੇ ਦੇ ਉਮੀਦਵਾਰ ਫਰਨਾਂਡੋ ਵਿਲਾਵਿਸੇਨਸੀਓ ਦੀ ਸਿਰ ਵਿਚ ਤਿੰਨ ਗੋਲੀਆਂ ਲੱਗਣ ਨਾਲ ਮੌਤ ਹੋ ਗਈ ਹੈ। ਇਹ ਹਮਲਾ ਉਸ ਸਮੇਂ ਹੋਇਆ ਜਦੋਂ ਫਰਨਾਂਡੋ ਰੈਲੀ ਤੋਂ ਬਾਅਦ ਕਾਰ ਵਿੱਚ ਬੈਠੇ ਸਨ। ਫਰਨਾਂਡੋ ਦੇ ਕਤਲ ਦੀ ਪੁਸ਼ਟੀ ਕਰਦੇ ਹੋਏ ਇਕਵਾਡੋਰ ਦੇ ਰਾਸ਼ਟਰਪਤੀ ਗੁਲੇਰਮੋ ਲਾਸੋ ਨੇ ਕਿਹਾ ਹੈ ਕਿ ਦੋਸ਼ੀਆਂ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਨੇ ਸੁਰੱਖਿਆ ਅਧਿਕਾਰੀਆਂ ਦੀ ਮੀਟਿੰਗ ਬੁਲਾਈ ਹੈ।

ਵਿਲਾਵਿਸੇਨਸੀਓ, ਇੱਕ 59 ਸਾਲਾ ਪੱਤਰਕਾਰ, 20 ਅਗਸਤ ਨੂੰ ਹੋਈਆਂ ਰਾਸ਼ਟਰਪਤੀ ਚੋਣਾਂ ਲਈ ਅੱਠ ਉਮੀਦਵਾਰਾਂ ਵਿੱਚੋਂ ਇੱਕ ਸੀ। ਸੋਸ਼ਲ ਮੀਡੀਆ 'ਤੇ ਵਾਇਰਲ ਹੋਏ ਵੀਡੀਓ 'ਚ ਫਰਨਾਂਡੋ ਸੁਰੱਖਿਆ ਕਰਮਚਾਰੀਆਂ ਨਾਲ ਘਿਰਿਆ ਨਜ਼ਰ ਆ ਰਹੇ ਹਨ।




ਹਾਲਾਂਕਿ, ਜਿਵੇਂ ਹੀ ਉਹ ਕਾਰ ਵਿੱਚ ਬੈਠਦੇ ਹਨ, ਗੋਲੀਬਾਰੀ ਸ਼ੁਰੂ ਹੋ ਜਾਂਦੀ ਹੈ। ਇਸ ਹਮਲੇ 'ਚ 2 ਪੁਲਿਸ ਅਧਿਕਾਰੀਆਂ ਸਮੇਤ 9 ਲੋਕ ਜ਼ਖਮੀ ਹੋ ਗਏ। ਫਰਨਾਂਡੋ ਦੇ ਮੁਹਿੰਮ ਪ੍ਰਬੰਧਕ ਨੇ ਦੱਸਿਆ ਹੈ ਕਿ ਉਸ ਨੂੰ ਲੰਬੇ ਸਮੇਂ ਤੋਂ ਜਾਨੋਂ ਮਾਰਨ ਦੀਆਂ ਧਮਕੀਆਂ ਮਿਲ ਰਹੀਆਂ ਸਨ। ਵਾਸ਼ਿੰਗਟਨ ਪੋਸਟ ਮੁਤਾਬਕ ਹਮਲਾਵਰ ਨੇ ਲੋਕਾਂ ਵੱਲ ਗ੍ਰੇਨੇਡ ਵੀ ਸੁੱਟਿਆ, ਹਾਲਾਂਕਿ ਗ੍ਰਨੇਡ ਨਹੀਂ ਫਟਿਆ।

ਜਾਣਕਾਰੀ ਮੁਤਾਬਕ ਪੁਲਿਸ ਨੇ ਹਮਲਾਵਰਾਂ ਵਿੱਚੋਂ ਇੱਕ ਨੂੰ ਫੜ੍ਹ ਲਿਆ ਸੀ। ਹਾਲਾਂਕਿ ਸੁਰੱਖਿਆ ਅਧਿਕਾਰੀਆਂ ਦੀ ਗੋਲੀਬਾਰੀ 'ਚ ਉਸ ਦੀ ਮੌਤ ਹੋ ਗਈ। ਫਰਨਾਂਡੋ ਦੀ ਮੁਹਿੰਮ ਪ੍ਰਬੰਧਕ ਜੁਕਿਲੈਂਡਾ ਨੇ ਇਕਵਾਡੋਰ ਵਿਚ ਲਗਾਤਾਰ ਵੱਧ ਰਹੀ ਹਿੰਸਾ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਨੂੰ ਰੋਕਣ ਲਈ ਅੰਤਰਰਾਸ਼ਟਰੀ ਸੰਸਥਾਵਾਂ ਨੂੰ ਲੋੜੀਂਦੇ ਕਦਮ ਚੁੱਕਣ ਦੀ ਅਪੀਲ ਕੀਤੀ ਹੈ।

# 15 ਅਗਸਤ ਦੇ ਚਲਦੇ ਦਿੱਲੀ ਦੇ ਲਾਲ ਕਿਲ੍ਹੇ ਅਤੇ ਰਾਜਘਾਟ ਦੇ ਆਲੇ-ਦੁਆਲੇ ਧਾਰਾ 144 ਲਾਗੂ

## 16 ਅਗਸਤ ਤੱਕ ਪਾਬੰਦੀਆਂ ਰਹਿਣਗੀਆਂ ਲਾਗੂ



ਨਵੀਂ ਦਿੱਲੀ, 10 ਅਗਸਤ (ਪੋਸਟ ਬਿਊਰੋ): ਦਿੱਲੀ ਪੁਲਿਸ ਨੇ ਸੁਤੰਤਰਤਾ ਦਿਵਸ ਦੇ ਮੱਦੇਨਜ਼ਰ ਰਾਜਘਾਟ, ਆਈਟੀਓ ਅਤੇ ਲਾਲ ਕਿਲ੍ਹੇ ਵਰਗੇ ਖੇਤਰਾਂ ਦੇ ਆਲੇ-ਦੁਆਲੇ ਫੌਜਦਾਰੀ ਜ਼ਾਬਤਾ ਦੀ ਧਾਰਾ 144 ਤਹਿਤ ਪਾਬੰਦੀ ਦੇ ਹੁਕਮ ਲਾਗੂ ਕੀਤੇ ਹਨ। ਪੁਲਿਸ ਨੇ ਟਵਿੱਟਰ 'ਤੇ ਲਿਖਿਆ ਕਿ ਸੁਤੰਤਰਤਾ ਦਿਵਸ ਦੇ ਜਸ਼ਨਾਂ ਦੇ ਮੱਦੇਨਜ਼ਰ, ਰਾਜਘਾਟ, ਆਈਟੀਓ, ਲਾਲ ਕਿਲ੍ਹੇ ਦੇ ਆਲੇ ਦੁਆਲੇ ਦੇ ਖੇਤਰਾਂ ਵਿੱਚ ਅਪਰਾਧਿਕ ਪ੍ਰਕਿਰਿਆ ਦੀ ਧਾਰਾ 144 ਲਾਗੂ ਕਰ ਦਿੱਤੀ ਗਈ ਹੈ। ਇਨ੍ਹਾਂ ਖੇਤਰਾਂ ਵਿੱਚ ਲੋਕਾਂ ਦੇ ਇਕੱਠੇ ਹੋਣ ਦੀ ਇਜਾਜ਼ਤ ਨਹੀਂ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ 15 ਅਗਸਤ ਨੂੰ ਸੁਤੰਤਰਤਾ ਦਿਵਸ 'ਤੇ ਲਾਲ ਕਿਲ੍ਹੇ ਤੋਂ ਰਾਸ਼ਟਰ ਨੂੰ ਸੰਬੋਧਨ ਕਰਨਗੇ।

ਇਸ ਤੋਂ ਪਹਿਲਾਂ, ਸੁਤੰਤਰਤਾ ਦਿਵਸ ਦੇ ਮੱਦੇਨਜ਼ਰ, ਦਿੱਲੀ ਪੁਲਿਸ ਨੇ ਸੁਰੱਖਿਆ ਕਾਰਨਾਂ ਕਰਕੇ 16 ਅਗਸਤ ਤੱਕ ਰਾਸ਼ਟਰੀ ਰਾਜਧਾਨੀ ਦੇ ਅਸਮਾਨ ਵਿੱਚ ਪੈਰਾਗਲਾਈਡਰ, 'ਹੈਂਗ-ਗਲਾਈਡਰ' ਅਤੇ 'ਹਾਟ ਏਅਰ ਬੈਲੂਨ' ਆਦਿ ਦੇ ਉੱਡਣ 'ਤੇ ਪਾਬੰਦੀ ਲਗਾ ਦਿੱਤੀ ਹੈ। ਦਿੱਲੀ ਦੇ ਪੁਲਿਸ ਕਮਿਸ਼ਨਰ ਸੰਜੇ ਅਰੋੜਾ ਨੇ 15 ਅਗਸਤ ਨੂੰ ਸੁਤੰਤਰਤਾ ਦਿਵਸ ਦੇ ਜਸ਼ਨ ਤੋਂ ਪਹਿਲਾਂ ਇਸ ਸਬੰਧ ਵਿਚ ਹੁਕਮ ਜਾਰੀ ਕੀਤਾ ਸੀ।

# ਸੜਕ 'ਤੇ ਡਿੱਗੇ ਸਕੂਟੀ ਸਵਾਰ ਕੋਲ ਜਾ ਕੇ ਰਾਹੁਲ ਗਾਂਧੀ ਨੇ ਤੁਰੰਤ ਕੀਤੀ ਮੱਦਦ




ਨਵੀਂ ਦਿੱਲੀ, 10 ਅਗਸਤ (ਪੋਸਟ ਬਿਊਰੋ): ਲੋਕ ਸਭਾ ਵਿਚ ਬੇਭਰੋਸਗੀ ਮਤੇ 'ਤੇ ਚਰਚਾ ਕਰਨ ਲਈ ਜਦੋਂ ਕਾਂਗਰਸ ਸਾਂਸਦ ਰਾਹੁਲ ਗਾਂਧੀ ਆਪਣੇ ਘਰ ਤੋਂ ਬਾਹਰ ਨਿਕਲੇ ਤਾਂ ਉਨ੍ਹਾਂ ਦੀ ਕਾਰ ਅਚਾਨਕ ਰੁਕ ਗਈ। ਜਦੋਂ ਉਹ 10 ਜਨਪਥ ਇਲਾਕੇ ਵਿੱਚੋਂ ਲੰਘ ਰਹੇ ਸਨ ਤਾਂ ਉਨ੍ਹਾਂ ਨੇ ਦੇਖਿਆ ਕਿ ਸਕੂਟੀ ਸਵਾਰ ਵਿਅਕਤੀ ਡਿੱਗਿਆ ਪਿਆ ਸੀ। ਉਸ ਨੂੰ ਦੇਖ ਕੇ ਰਾਹੁਲ ਆਪਣੀ ਕਾਰ ਤੋਂ ਹੇਠਾਂ ਉਤਰੇ ਅਤੇ ਉਸ ਵਿਅਕਤੀ ਨੂੰ ਚੁੱਕਿਆ। ਉਸ ਦਾ ਹਾਲ-ਚਾਲ ਪੁੱਛਿਆ। ਰਾਹੁਲ ਨੇ ਪੁੱਛਿਆ ਕੀ ਤੁਹਾਨੂੰ ਸੱਟ ਲੱਗੀ ਹੈ? ਜਦੋਂ ਸਕੂਟੀ ਸਵਾਰ ਨੇ ਕਿਹਾ ਕਿ ਉਹ ਬਿਲਕੁਲ ਠੀਕ ਹੈ ਤਾਂ ਉਸ ਤੋਂ ਬਾਅਦ ਉਹ ਕਾਰ ਵਿਚ ਬੈਠ ਕੇ ਸੰਸਦ ਲਈ ਰਵਾਨਾ ਹੋ ਗਏ।

# ਭਾਰਤੀ ਅਰਥਵਿਵਸਥਾ ਦੁਨੀਆਂ ਦੀ 5ਵੀਂ ਸਭ ਤੋਂ ਵੱਡੀ ਅਰਥਵਿਵਸਥਾ : ਗਵਰਨਰ ਸ਼ਕਤੀਕਾਂਤ ਦਾਸ

## ਭਾਰਤੀ ਰਿਜ਼ਰਵ ਬੈਂਕ ਵਲੋਂ ਵਿਆਜ ਦਰਾਂ ਵਿਚ ਕੋਈ ਵਾਧਾ ਨਹੀਂ

ਨਵੀਂ ਦਿੱਲੀ, 10 ਅਗਸਤ (ਪੋਸਟ ਬਿਊਰੋ): ਭਾਰਤੀ ਰਿਜ਼ਰਵ ਬੈਂਕ ਦੇ ਗਵਰਨਰ ਸ਼ਕਤੀਕਾਂਤ ਦਾਸ ਨੇ ਐੱਮ.ਪੀ.ਸੀ ਦੀ ਮੀਟਿੰਗ ਤੋਂ ਬਾਅਦ ਘੋਸ਼ਣਾ ਕੀਤੀ ਕਿ (ਵਿਆਜ ਦਰ) ਰੇਪੋ ਰੇਟ 6.5 ਪ੍ਰਤੀਸ਼ਤ 'ਤੇ ਰਹੇਗੀ। ਉਨ੍ਹਾਂ ਕਿਹਾ ਕਿ ਬੈਂਕ ਮਜ਼ਬੂਤ ਹਨ। ਐਨਪੀਏ ਵਿੱਚ ਕਮੀ ਆਈ ਹੈ। ਕਾਰਪੋਰੇਟ ਬੈਲੇਂਸ ਸ਼ੀਟਾਂ ਮਜ਼ਬੂਤ ਹੋਈਆਂ ਹਨ। ਭਾਰਤ ਦੇ ਮਜ਼ਬੂਤ ਮੈਕਰੋ-ਆਰਥਿਕ ਬੁਨਿਆਦੀ ਢਾਂਚਾ ਬਣਿਆ ਹੋਇਆ ਹੈ । ਭਾਰਤੀ ਅਰਥਵਿਵਸਥਾ ਮਜ਼ਬੂਤ ਬਣੀ ਹੋਈ ਹੈ।



ਆਰਬੀਆਈ ਗਵਰਨਰ ਨੇ ਕਿਹਾ ਹੈ ਕਿ ਸਬਜ਼ੀਆਂ ਦੀਆਂ ਕੀਮਤਾਂ ਵਧਣ ਨਾਲ ਮਹਿੰਗਾਈ ਪ੍ਰਭਾਵਿਤ ਹੋਈ ਹੈ। ਜੁਲਾਈ-ਅਗਸਤ ਵਿੱਚ ਮਹਿੰਗਾਈ ਵਧਣ ਦੀ ਸੰਭਾਵਨਾ ਹੈ। ਐੱਮਪੀਸੀ ਦੀ ਮੀਟਿੰਗ ਤੋਂ ਬਾਅਦ ਬੋਲਦਿਆਂ, ਆਰਬੀਆਈ ਗਵਰਨਰ ਨੇ ਕਿਹਾ ਹੈ ਕਿ ਰਿਜ਼ਰਵ ਬੈਂਕ ਨੇ ਕਰਜ਼ਦਾਰਾਂ ਨੂੰ ਨਿਸ਼ਚਿਤ ਵਿਆਜ ਦਰ ਪ੍ਰਣਾਲੀ ਨੂੰ ਅਪਣਾਉਣ ਦੀ ਇਜਾਜ਼ਤ ਦੇਣ ਲਈ ਇੱਕ ਢਾਂਚੇ ਦਾ ਪ੍ਰਸਤਾਵ ਕੀਤਾ ਹੈ।

ਉਨ੍ਹਾਂ ਦੱਸਿਆ ਕਿ ਐਮਪੀਸੀ ਦੀ ਮੀਟਿੰਗ ਦੌਰਾਨ ਸਾਰੇ ਮੈਂਬਰ ਸਰਬਸੰਮਤੀ ਨਾਲ ਵਿਆਜ ਦਰਾਂ ਨੂੰ ਸਥਿਰ ਰੱਖਣ ਦੇ ਹੱਕ ਵਿੱਚ ਸਨ। ਉਨ੍ਹਾਂ ਇਹ ਵੀ ਦੱਸਿਆ ਕਿ ਵਿਸ਼ਵ ਪੱਧਰ 'ਤੇ ਵਿਆਜ ਦਰਾਂ ਲੰਬੇ ਸਮੇਂ ਤੱਕ ਉੱਚੀਆਂ ਰਹਿਣਗੀਆਂ। ਆਰਬੀਆਈ ਗਵਰਨਰ ਨੇ ਕਿਹਾ ਕਿ ਮਹਿੰਗਾਈ ਅਤੇ ਕਰਜ਼ੇ ਦੀਆਂ ਚੁਣੌਤੀਆਂ ਵਿਸ਼ਵ ਅਰਥਵਿਵਸਥਾ ਵਿੱਚ ਬਰਕਰਾਰ ਹਨ। ਆਰਬੀਆਈ ਗਵਰਨਰ ਨੇ ਕਿਹਾ ਕਿ ਭਾਰਤ ਦੂਜੇ ਦੇਸ਼ਾਂ ਦੇ ਮੁਕਾਬਲੇ ਆਰਥਿਕ ਚੁਣੌਤੀਆਂ ਨਾਲ ਨਜਿੱਠਣ ਲਈ ਜ਼ਿਆਦਾ ਸਮਰੱਥ ਹੈ।

ਐਮਪੀਸੀ ਦੀ ਮੀਟਿੰਗ ਤੋਂ ਬਾਅਦ, ਆਰਬੀਆਈ ਗਵਰਨਰ ਸ਼ਕਤੀਕਾਂਤ ਦਾਸ ਨੇ ਕਿਹਾ ਕਿ ਸਾਡੀ ਅਰਥਵਿਵਸਥਾ ਵਾਜਬ ਗਤੀ ਨਾਲ ਵਧ ਰਹੀ ਹੈ ਅਤੇ ਵਿਸ਼ਵ ਦੀ 5ਵੀਂ ਸਭ ਤੋਂ ਵੱਡੀ ਅਰਥਵਿਵਸਥਾ ਬਣ ਗਈ ਹੈ ਅਤੇ ਵਿਸ਼ਵ ਵਿਕਾਸ ਵਿੱਚ ਲਗਭਗ 15% ਯੋਗਦਾਨ ਪਾ ਰਹੀ ਹੈ। ਆਰਬੀਆਈ ਗਵਰਨਰ ਨੇ ਕਿਹਾ ਕਿ ਵਿੱਤੀ ਸਾਲ 24 ਵਿੱਚ ਸੀਪੀਆਈ 5.1% ਤੋਂ 5.4% ਤੱਕ ਵਧਣ ਦਾ ਅਨੁਮਾਨ ਹੈ। ਆਰਬੀਆਈ ਮੁਖੀ ਨੇ ਕਿਹਾ ਕਿ ਵਿੱਤੀ ਸਾਲ 24 ਵਿੱਚ ਜੀਡੀਪੀ ਵਾਧਾ 6.5% ਰਹਿ ਸਕਦੀ ਹੈ। ਜਦੋਂ ਕਿ ਵਿੱਤੀ ਸਾਲ 25 ਵਿੱਚ, ਜੀਡੀਪੀ 6.6% ਰਹਿ ਸਕਦੀ ਹੈ। 25 ਵਿੱਚ 5.2% ਹੋਣ ਦਾ ਅਨੁਮਾਨ ਹੈ।

Office: 416-654-1010

Sutton

Sutton Group Security Real Estate Brokerage
2700 Dufferin St #47, Toronto ON M6B4J3



"For all your real estate needs"

Anabela Serra
Sales Representative
416-400-5825
anabelserra75@gmail.com









$1,149,000

98 JOHN ST E
Bradford West Gwillimbury, Ontario L3Z1G4

A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters

97 JOHN ST E
Bradford West Gwillimbury, Ontario L3Z2B5



$1,089,000

A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.

103 JOHN ST W
Bradford West Gwillimbury, Ontario L3Z2A8



$799,000

**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0



$799,000

Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8



$499,000

Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.

# ਪੰਜਾਬ ਪੁਲਿਸ ਨੇ ਅੰਮ੍ਰਿਤਸਰ ਤੋਂ 12 ਕਿਲੋ ਹੈਰੋਇਨ ਕੀਤੀ ਬਰਾਮਦ, ਤਿੰਨ ਨਸ਼ਾ ਤਸਕਰ ਕਾਬੂ

ਚੰਡੀਗੜ੍ਹ, 10 ਅਗਸਤ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਨਸ਼ਿਆਂ ਵਿਰੁੱਧ ਵਿੱਢੀ ਜੰਗ ਤਹਿਤ ਪੰਜਾਬ ਪੁਲਿਸ ਨੇ ਤਿੰਨ ਨਸ਼ਾ ਤਸਕਰਾਂ ਨੂੰ ਕਾਬੂ ਕਰਕੇ ਅਤੇ ਉਨ੍ਹਾਂ ਕੋਲੋਂ 12 ਕਿਲੋ ਹੈਰੋਇਨ ਬਰਾਮਦ ਕਰਕੇ ਸਰਹੱਦ ਪਾਰੋਂ ਚਲਾਏ ਜਾ ਰਹੇ ਨਸ਼ਾ ਤਸਕਰੀ ਰੈਕੇਟ ਦਾ ਪਰਦਾਫਾਸ਼ ਕੀਤਾ ਹੈ।

ਇਹ ਜਾਣਕਾਰੀ ਦਿੰਦਿਆਂ ਡੀਜੀਪੀ ਗੌਰਵ ਯਾਦਵ ਨੇ ਵੀਰਵਾਰ ਨੂੰ ਇੱਥੇ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਭਿੰਦਰ ਸਿੰਘ ਉਰਫ ਭਿੰਦਾ ਵਾਸੀ ਪਿੰਡ ਦਾਉਕੇ, ਘਰਿੰਡਾ, ਅੰਮ੍ਰਿਤਸਰ ; ਦਿਲਬਾਗ ਸਿੰਘ ਉਰਫ਼ ਮਨੂ ਪਿੰਡ ਰਜਾਤਲ , ਘਰਿੰਡਾ, ਅੰਮ੍ਰਿਤਸਰ ਅਤੇ ਮਨੀਪਾਲ ਸਿੰਘ ਉਰਫ਼ ਮਨੀ ਵਾਸੀ ਪਿੰਡ ਛੀਨਾ ਸ਼ਬਾਜਪੁਰ ਰਾਜਾ ਸਾਂਸੀ, ਅੰਮ੍ਰਿਤਸਰ ਵਜੋਂ ਹੋਈ ਹੈ।



ਹੈਰੋਇਨ ਦੀ ਬਰਾਮਦਗੀ ਤੋਂ ਇਲਾਵਾ ਪੁਲਿਸ ਟੀਮਾਂ ਨੇ ਚਿੱਟੇ ਰੰਗ ਦੀ ਹੁੰਡਈ ਵਰਨਾ ਕਾਰ ਵੀ ਜ਼ਬਤ ਕੀਤੀ ਹੈ, ਜਿਸ ਵਿੱਚ ਉਕਤ ਵਿਅਕਤੀ ਸਫ਼ਰ ਕਰ ਰਹੇ ਸਨ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਪੁਖ਼ਤਾ ਸੂਹ ਮਿਲੀ ਸੀ ਕਿ ਕੁਝ ਨਸ਼ਾ ਤਸਕਰਾਂ ਵੱਲੋਂ ਡਰੋਨ ਰਾਹੀਂ ਸੁੱਟੀ ਗਈ ਹੈਰੋਇਨ ਦੀ ਖੇਪ ਪ੍ਰਾਪਤ ਕੀਤੀ ਗਈ ਸੀ ਅਤੇ ਉਹ ਚਿੱਟੇ ਰੰਗ ਦੀ ਹੁੰਡਈ ਵਰਨਾ ਕਾਰ ਵਿੱਚ ਇਸ ਦੀ ਡਿਲੀਵਰੀ ਕਰਨ ਜਾ ਰਹੇ ਹਨ। ਇਸ 'ਤੇ ਅੰਮ੍ਰਿਤਸਰ ਦਿਹਾਤੀ ਪੁਲਿਸ ਵੱਲੋਂ ਪਿੰਡ ਬਹਿੜਵਾਲ ਨੇੜੇ ਨਾਕਾ ਲਗਾ ਕੇ ਵਿਸ਼ੇਸ਼ ਚੈਕਿੰਗ ਕੀਤੀ ।

ਉਨ੍ਹਾਂ ਦੱਸਿਆ ਕਿ ਜਦੋਂ ਪੁਲਿਸ ਪਾਰਟੀ ਨੇ ਕਾਰ ਨੂੰ ਰੋਕਣ ਦਾ ਇਸ਼ਾਰਾ ਕੀਤਾ ਤਾਂ ਕਾਰ 'ਚ ਬੈਠੇ ਵਿਅਕਤੀਆਂ ਨੇ ਕਾਰ ਭਜਾਉਣ ਦੀ ਕੋਸ਼ਿਸ਼ ਕੀਤੀ , ਪਰ ਪੁਲਿਸ ਟੀਮ ਨੇ ਉਨ੍ਹਾਂ ਨੂੰ ਕਾਬੂ ਕਰ ਲਿਆ ਅਤੇ ਕੁੱਲ 12 ਕਿਲੋ ਹੈਰੋਇਨ, ਜਿਸ ਵਿੱਚ 2-2 ਕਿਲੋ ਦੇ ਤਿੰਨ ਪੈਕਟ, ਜੋ ਉਨ੍ਹਾਂ ਨੇ ਲੱਕ ਦੁਆਲੇ ਪਰਨੇ 'ਚ ਬੰਨ੍ਹੇ ਹੋਏ ਸਨ, 6 ਕਿਲੋ ਦਾ ਇੱਕ ਪੈਕਟ ਗੱਡੀ ਵਿੱਚ ਰੱਖਿਆ ਸੀ , ਬਰਾਮਦ ਕੀਤੀ ਹੈ।

ਡੀਜੀਪੀ ਨੇ ਦੱਸਿਆ ਕਿ ਮੁੱਢਲੀ ਜਾਂਚ ਅਨੁਸਾਰ ਮੁਲਜ਼ਮ ਪਾਕਿਸਤਾਨ ਸਥਿਤ ਨਸ਼ਾ ਤਸਕਰਾਂ ਦੇ ਸੰਪਰਕ ਵਿੱਚ ਸਨ ਅਤੇ ਪਾਕਿਸਤਾਨ ਤੋਂ ਹੈਰੋਇਨ ਲਿਆ ਕੇ ਸੂਬੇ ਭਰ ਵਿੱਚ ਸਪਲਾਈ ਕਰਦੇ ਸਨ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦੇ ਹੋਏ ਐਸ.ਐਸ.ਪੀ ਅੰਮ੍ਰਿਤਸਰ (ਦਿਹਾਤੀ) ਸਤਿੰਦਰ ਸਿੰਘ ਨੇ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਤਿੰਨਾਂ ਮੁਲਜ਼ਮਾਂ ਖਿਲਾਫ ਕਈ ਅਪਰਾਧਿਕ ਕੇਸ ਚੱਲ ਰਹੇ ਹਨ। ਉਨ੍ਹਾਂ ਕਿਹਾ ਕਿ ਪਾਕਿਸਤਾਨ ਸਥਿਤ ਤਸਕਰਾਂ ਅਤੇ ਜਿਨ੍ਹਾਂ ਨੇ ਇਹ ਖੇਪ ਹਾਸਲ ਕਰਨੀ ਸੀ, ਦੀ ਪਛਾਣ ਕਰਨ ਲਈ ਅਗਲੇਰੀ ਜਾਂਚ ਜਾਰੀ ਹੈ ਅਤੇ ਹੋਰ ਬਰਾਮਦਗੀ ਦੀ ਆਸ ਹੈ।

ਇਸ ਸਬੰਧੀ ਐਫਆਈਆਰ ਨੰ. 142 ਮਿਤੀ 9/8/2023 ਨੂੰ ਥਾਣਾ ਲੋਪੋਕੇ ਵਿਖੇ ਐਨ.ਡੀ.ਪੀ.ਐਸ ਐਕਟ ਦੀ ਧਾਰਾ 21(ਸੀ), 25 ਅਤੇ 29 ਤਹਿਤ ਕੇਸ ਦਰਜ ਕੀਤਾ ਗਿਆ ਹੈ।

# ਗੁਰੂ ਨਾਨਕ ਦੇਵ ਯੂਨੀਵਰਸਿਟੀ ਡਰਾਮਾ ਕਲੱਬ ਵੱਲੋਂ 'ਲਵ ਜੰਕਸ਼ਨ' ਨਾਟਕ ਦਾ ਮੰਚਨ







ਅੰਮ੍ਰਿਤਸਰ, 10 ਅਗਸਤ (ਪੋਸਟ ਬਿਊਰੋ): ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਡਰਾਮਾ ਕਲੱਬ ਵੱਲੋਂ ਵਾਈਸ ਚਾਂਸਲਰ ਪ੍ਰੋ.(ਡਾ.) ਜਸਪਾਲ ਸਿੰਘ ਸੰਧੂ ਦੀ ਅਗਵਾਈ ਹੇਠ ਗੁਰੂ ਨਾਨਕ ਦੇਵ ਯੂਨੀਵਰਸਿਟੀ ਕੈਂਪਸ ਵਿਖੇ ਦਸਮੇਸ਼ ਆਡੀਟੋਰੀਅਮ ਵਿਚ ਹਿੰਦੀ ਨਾਟਕ 'ਲਵ ਜੰਕਸ਼ਨ' ਦਾ ਮੰਚਨ ਹੋਇਆ।ਇਸ ਨਾਟਕ ਦਾ ਨਿਰਦੇਸ਼ਨ ਯੂਨੀਵਰਸਿਟੀ ਦੇ ਡਰਾਮਾ ਕਲੱਬ ਦੇ ਕੰਵਲ ਰੰਧੇਅ ਨੇ ਕੀਤਾ ਅਤੇ ਇਸ ਨਾਟਕ ਦੇ ਲੇਖਕ ਨਿਤਿਨ ਗੁਪਤਾ ਸਨ ਜਿਨ੍ਹਾਂ ਨੇ ਇਸ ਨੂੰ ਆਈ.ਆਈ.ਟੀ. ਦੇ ਆਪਣੇ ਕਾਲਜ ਦੇ ਦਿਨਾਂ ਵਿੱਚ ਲਿਖਿਆ ਸੀ। ਨਵਨੀਤ ਰੰਧੇ ਇਸਤਰੀ ਮੁੱਖ ਕਲਾਕਾਰ ਅਤੇ ਬਚਨਪਾਲ ਨੇ ਇਸ ਨਾਟਕ ਵਿੱਚ ਮੁੱਖ ਪੁਰਸ਼ ਕਲਾਕਾਰ ਵਜੋਂ ਭੂਮਿਕਾ ਨਿਭਾਈ।

ਪ੍ਰੋ. ਪ੍ਰੀਤ ਮਹਿੰਦਰ ਸਿੰਘ ਬੇਦੀ, ਡੀਨ ਵਿਦਿਆਰਥੀ ਭਲਾਈ ਨੇ ਕਲਾਕਾਰਾਂ ਅਤੇ ਉਨ੍ਹਾਂ ਦੇ ਨਿਰਦੇਸ਼ਕ ਦਾ ਧੰਨਵਾਦ ਕਰਦਿਆਂ ਉਨ੍ਹਾਂ ਦੀ ਕਲਾ ਦੀ ਪ੍ਰਸ਼ੰਸਾ ਕੀਤੀ। ਪ੍ਰੋ. ਬੇਦੀ ਨੇ ਕਿਹਾ ਕਿ ਕਲਾ ਸਾਡੇ ਜੀਵਨ ਨੂੰ ਨਿਖਾਰਦੀ ਹੈ ਅਤੇ ਕਲਾਮਈ ਜੀਵਨ ਜ਼ਿੰਦਗੀ 'ਚ ਦਰਪੇਸ਼ ਵੱਖ ਵੱਖ ਉਤਰਾਅ ਚੜ੍ਹਾਆਂ ਨੂੰ ਰਾਹ ਦਸੇਰਾ ਮੰਨਦਾ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀ ਜੀਵਨ ਇਕ ਮਹੱਤਵਪੂਰਨ ਮੌਕਾ ਹੁੰਦਾ ਹੈ ਜਿਸ ਵਿਚ ਸਾਨੂੰ ਕਲਾ ਨਾਲ ਜੁੜਨ ਦੇ ਭਰਪੂਰ ਮੌਕੇ ਮਿਲਦੇ ਹਨ ਅਤੇ ਸਾਨੂੰ ਇਸ ਦਾ ਲਾਭ ਉਠਾਉਣਾ ਚਾਹੀਦਾ ਹੈ।

ਹਰਪ੍ਰੀਤ ਸਿੰਘ, ਕਨਵੀਨਰ, ਡਰਾਮਾ ਕਲੱਬ ਨੇ ਇਸ ਨਾਟਕ ਦੇ ਆਯੋਜਨ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਵਿਚ ਯੋਗਦਾਨ ਪਾਉਣ ਵਾਲੇ ਮੈਂਬਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਮੈਂਬਰਾਂ ਦਾ ਸਨਮਾਨ ਵੀ ਕੀਤਾ ਗਿਆ। ਡਾ. ਸੁਨੀਲ ਕੁਮਾਰ, ਪ੍ਰੋਫੈਸਰ ਇੰਚਾਰਜ, ਡਰਾਮਾ ਕਲੱਬ ਅਤੇ ਮੁਖੀ, ਹਿੰਦੀ ਵਿਭਾਗ ਇਸ ਮੌਕੇ ਮੌਜੂਦ ਪ੍ਰਮੁੱਖ ਸ਼ਖ਼ਸੀਅਤਾਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਰੰਗਮੰਚ ਨੂੰ "ਜੀਵਨ ਜੀਣ ਦਾ ਤਰੀਕਾ" ਦੱਸਿਆ। ਉਨ੍ਹਾਂ ਡਰਾਮਾ ਕਲੱਬ ਦੀਆਂ ਪ੍ਰਾਪਤੀਆਂ ਅਤੇ ਯਤਨਾਂ ਬਾਰੇ ਚਰਚਾ ਕਰਦਿਆਂ ਪਿਛਲੇ ਸਮੇਂ ਦੌਰਾਨ ਕਰਵਾਏ ਗਏ ਵੱਖ ਵੱਖ ਨਾਟਕਾਂ ਬਾਰੇ ਦੱਸਿਆ।ਇਸ ਮੌਕੇ ਵੱਡੀ ਗਿਣਤੀ ਵਿੱਚ ਫੈਕਲਟੀ ਮੈਂਬਰ, ਪਤਵੰਤੇ ਅਤੇ ਵਿਦਿਆਰਥੀ ਹਾਜ਼ਰ ਸਨ।

# ਸਰਕਾਰੀ ਬਰਜਿੰਦਰਾ ਕਾਲਜ ਫ਼ਰੀਦਕੋਟ ਵਿਖੇ ਬੀ.ਐਸ.ਸੀ. (ਖੇਤੀਬਾੜੀ) ਕੋਰਸ ਜਲਦ ਹੋਵੇਗਾ ਸ਼ੁਰੂ : ਸੰਧਵਾਂ



ਚੰਡੀਗੜ੍ਹ, 10 ਅਗਸਤ (ਪੋਸਟ ਬਿਊਰੋ): ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਹੈ ਕਿ ਫ਼ਰੀਦਕੋਟ ਦੇ ਸਰਕਾਰੀ ਬਰਜਿੰਦਰਾ ਕਾਲਜ ਵਿਖੇ ਬੀ.ਐਸ.ਸੀ. (ਖੇਤੀਬਾੜੀ) ਕੋਰਸ ਜਲਦ ਸ਼ੁਰੂ ਹੋ ਜਾਵੇਗਾ ਅਤੇ ਛੇਤੀ ਹੀ ਇਸ ਸਬੰਧੀ ਲੋੜੀਂਦੀਆਂ ਕਾਰਵਾਈਆਂ ਮੁਕੰਮਲ ਕਰ ਲਈਆਂ ਜਾਣਗੀਆਂ।

ਸਰਕਾਰੀ ਬਰਜਿੰਦਰਾ ਕਾਲਜ ਵਿਖੇ ਬੀ.ਐਸ.ਸੀ. (ਖੇਤੀਬਾੜੀ) ਕੋਰਸ ਮੁੜ ਸ਼ੁਰੂ ਕਰਨ ਬਾਰੇ, ਸਪੀਕਰ ਸੰਧਵਾਂ ਨੇ ਅੱਜ ਪੰਜਾਬ ਵਿਧਾਨ ਸਭਾ ਸਕੱਤਰੇਤ ਵਿਖੇ ਖੇਤੀਬਾੜੀ ਮੰਤਰੀ ਪੰਜਾਬ ਗੁਰਮੀਤ ਸਿੰਘ ਖੁੱਡੀਆਂ, ਖੇਤੀਬਾੜੀ ਅਤੇ ਉਚੇਰੀ ਸਿੱਖਿਆ ਵਿਭਾਗ ਦੇ ਸੀਨੀਅਰ ਅਧਿਕਾਰੀਆਂ, ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਵਾਈਸ ਚਾਂਸਲਰ ਅਤੇ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਸੀਨੀਅਰ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਪ੍ਰਗਤੀ ਦਾ ਜਾਇਜ਼ਾ ਲਿਆ।

ਸੰਧਵਾਂ ਨੇ ਦੱਸਿਆ ਕਿ ਸਰਕਾਰੀ ਬਰਜਿੰਦਰਾ ਕਾਲਜ ਫ਼ਰੀਦਕੋਟ ਮਾਲਵੇ ਖੇਤਰ ਦੀ ਅਹਿਮ ਵਿੱਦਿਅਕ ਸੰਸਥਾ ਹੈ, ਜਿੱਥੇ ਹੋਰਨਾਂ ਡਿਗਰੀਆਂ ਦੇ ਨਾਲ-ਨਾਲ ਬੀ.ਐਸ.ਸੀ. (ਖੇਤੀਬਾੜੀ) ਕੋਰਸ ਵੀ ਪੜ੍ਹਾਇਆ ਜਾਂਦਾ ਸੀ। ਉਨਾਂ ਦੱਸਿਆ ਕਿ ਸਾਲ 2019 ਦੌਰਾਨ ਵਿਦਿਆਰਥੀਆਂ ਦੇ ਆਖ਼ਰੀ ਬੈਚ ਨੇ ਬੀ.ਐਸ.ਸੀ. (ਖੇਤੀਬਾੜੀ) ਕੋਰਸ ਲਈ ਕਾਲਜ ਵਿਖੇ ਦਾਖ਼ਲਾ ਲਿਆ ਸੀ ਅਤੇ ਇਸ ਵਰੇ ਉਸ ਬੈਚ ਦਾ ਆਖ਼ਰੀ ਸਾਲ ਹੈ। ਉਨ੍ਹਾਂ ਕਿਹਾ ਕਿ ਖੇਤੀਬਾੜੀ ਕੋਰਸ ਕਰਨ ਦੇ ਚਾਹਵਾਨ ਇਲਾਕੇ ਦੇ ਵਿਦਿਆਰਥੀਆਂ ਦੇ ਭਵਿੱਖ ਨਾਲ ਖਿਲਵਾੜ ਹੋਣ ਤੋਂ ਰੋਕਣ ਲਈ ਬੰਦ ਕੀਤੇ ਗਏ ਇਸ ਕੋਰਸ ਨੂੰ ਮੁੜ ਸ਼ੁਰੂ ਕਰਵਾਇਆ ਜਾ ਰਿਹਾ ਹੈ।

ਸੰਧਵਾਂ ਨੇ ਸਬੰਧਤ ਵਿਭਾਗਾਂ ਨੂੰ ਹਦਾਇਤਾਂ ਦਿੰਦਿਆਂ ਕਿਹਾ ਕਿ ਕਾਲਜ ਵਿੱਚ ਇਸੇ ਸੈਸ਼ਨ ਤੋਂ ਖੇਤੀਬਾੜੀ ਕੋਰਸ ਦੇ ਦਾਖ਼ਲੇ ਸ਼ੁਰ ਕਰਨ ਲਈ ਵਿਜ਼ਟਿੰਗ ਪ੍ਰੋਫੈਸਰਾਂ ਦੀ ਭਰਤੀ, ਲੈਬਾਂ ਆਦਿ ਵਿਖੇ ਲੋੜੀਂਦੇ ਉਪਕਰਨ ਅਤੇ ਹੋਰ ਲੋੜੀਂਦੀਆਂ ਕਾਰਵਾਈਆਂ ਛੇਤੀ ਮੁਕੰਮਲ ਕਰਨੀਆਂ ਯਕੀਨੀ ਬਣਾਈਆਂ ਜਾਣ।

ਇਸ ਮੌਕੇ ਵਿਧਾਇਕ ਫ਼ਰੀਦਕੋਟ ਗੁਰਦਿੱਤ ਸਿੰਘ ਸੇਖੋਂ, ਵਿਸ਼ੇਸ਼ ਮੁੱਖ ਸਕੱਤਰ ਖੇਤੀਬਾੜੀ ਕੇ.ਏ.ਪੀ. ਸਿਨਹਾ, ਪ੍ਰਮੁੱਖ ਸਕੱਤਰ ਉਚੇਰੀ ਸਿੱਖਿਆ ਜਸਪ੍ਰੀਤ ਤਲਵਾੜ, ਵਾਈਸ ਚਾਂਸਲਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਪ੍ਰੋ. ਅਰਵਿੰਦ, ਡੀਨ ਕਾਲਜ ਖੇਤੀਬਾੜੀ ਪੀ.ਏ.ਯੂ. ਡਾ. ਰਵਿੰਦਰ ਕੌਰ ਧਾਲੀਵਾਲ, ਡਾ. ਮਾਨਵ ਇੰਦਰ ਸਿੰਘ, ਡਿਪਟੀ ਡਾਇਰੈਕਟਰ ਉਚੇਰੀ ਸਿੱਖਿਆ ਡਾ. ਅਸ਼ਵਨੀ ਭੱਲਾ, ਪ੍ਰਿੰਸੀਪਲ ਬਰਜਿੰਦਰਾ ਕਾਲਜ ਰਾਜੇਸ਼ ਕੁਮਾਰ ਅਤੇ ਡਾ. ਨਰਿੰਦਰਜੀਤ ਸਿੰਘ ਬਰਾੜ ਆਦਿ ਹਾਜ਼ਰ ਸਨ।










## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 32-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Call: 204-510-7658 or 437-881-7282

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ। ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com




## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com












# ਸੜਦਾ ਰਿਹਾ ਮਨੀਪੁਰ ਪ੍ਰਧਾਨ ਮੰਤਰੀ ਨੇ ਮੌਨ ਧਾਰ ਲਈ

-ਹਰਚੰਦ ਸਿੰਘ ਬਾਸੀ-

ਕਿਹੀ ਤਰਾਸਦੀ ਹੈ ਦੇਸ ਦਾ ਮੁਖੀਆ ਪਰਧਾਨ ਮੰਤਰੀ ਦੇਸ ਦੀਆਂ ਮੁਸ਼ਕਿਲਾਂ ਹੱਲ ਕਰਨ ਦੀ ਬਜਾਏ ਸਮੱਸਿਆਵਾਂ ਨੂੰ ਉਲਝਾ ਕੇ ਆਪਣੀ ਰਾਜਨੀਤਕ ਹਵਸ ਨੂੰ ਪੂਰਾ ਕਰਨ ਦੀ ਨੀਤੀ ਧਾਰ ਬੈਠਾ ਹੈ। ਉਸ ਲਈ ਦੇਸ ਦੇ ਲੋਕ ਕੁੱਝ ਨਹੀਂ ਸਿਰਫ ਉਸ ਦੀ ਸਤਾ ਹਵਸ ਪੂਰੀ ਹੋਣੀ ਚਾਹੀਦੀ ਹੈ। ਇਸ ਲਈ ਚਾਹੇ ਲੋਕਾਂ ਦੇ ਘਰ ਸਾੜੇ ਜਾਣ ਜਾਂ ਲੋਕ ਮਾਰੇ ਜਾਣ ਉਸ ਨੂੰ ਕੋਈ ਦਰਦ ਨਹੀਂ। ਕਹਿੰਦੇ ਹਨ ਨਿਆ ਹੋਣਾ ਕਿਸੇ ਹੱਦ ਤੱਕ ਸਹੀ ਗੱਲ ਨਹੀਂ ਸਗੋਂ ਨਿਆ ਹੋਇਆ ਦਿਸਣਾ ਚਾਹੀਦਾ ਹੈ। ਦੇਸ ਦੇ ਪਰਧਾਨ ਮੰਤਰੀ ਤੇ ਗੁਜਰਾਤ ਦੰਗਿਆਂ ਦੇ ਦੋਸ ਲੱਗੇ। ਕੋਰਟ ਵਿੱਚੋਂ ਕਲੀਨ ਚਿਟ ਮਿਲ ਗਈ ਪਰ ਲੋਕ ਉਸ ਤਰਾਸਦੀ ਨੂੰ ਨਹੀਂ ਭੁੱਲੇ ਉਸ ਦੇ ਤਾਨਾਸ਼ਾਹੀ ਬਿਰਤੀ ਦੇ ਕਾਰਨਾਮੇ ਲੋਕਾਂ ਦੇ ਦਿਲਾਂ ਤੇ ਗਹਿਰੇ ਗਹਿਰੇ ਜ਼ਖਮ ਛੱਡ ਗਏ। ਪੀੜ੍ਹੀਆਂ ਤਕ ਉਸ ਮੰਜ਼ਰ ਦੇ ਖੌਫ ਮਨਾਂ ਵਿੱਚ ਉਭਰਦੇ ਰਹਣਗੇ। ਜਦ ਤੋਂ ਇੰਡੀਆ ਦੀ ਵਾਗ ਡੋਰ ਭਾਰਤੀ ਜਨਤਾ ਪਾਰਟੀ ਦੇ ਹੱਥ ਆਈ ਹੈ। ਪਰਧਾਨ ਮੰਤਰੀ ਨਰਿੰਦਰ ਮੋਦੀ ਸਾਹਿਬ ਬਣੇ ਹਨ ਉਸੇ ਮਾਨਸਿਕਤਾ ਨਾਲ ਦੇਸ ਤੇ ਰਾਜ ਕਰਨਾ ਚਾਹੁੰਦੇ ਹਨ । ਵਰੋਧੀ ਧਿਰ ਅਤੇ ਅਲੋਚਨਾ ਕਰਨ ਵਾਲਿਆਂ ਨੂੰ ਜੇਲ੍ਹਾਂ, ਪੋਲੀਸ, ਇਨਕਮ ਟੈਕਸ,ਈ ਡੀ, ਸੀ ਬੀਆਈ ਰਾਹੀਂ ਨਪੀੜਿਆ ਜਾਂਦਾ ਹੈ। ਆਪਣੇ ਜਨਤਾ ਵਿਰੋਧੀ ਕਾਰਨਾਮਿਆਂ ਨੂੰ ਲੋਕਾਂ ਦੇ ਮੂਹਾਂ ਤੇ ਆਉਣ ਤੋਂ ਦਬਾਇਆ ਜਾਂਦਾ ਹੈ। ਦੇਸ ਦੇ ਨੁਕਸਾਨ ਦੀਆਂ ਵੱਡੀਆਂ ਘਟਨਾਵਾਂ ਵਿੱਚ ਜਿਵੇਂ ਮਿਸਾਲ ਦੇ ਤੌਰ ਤੇ ਅਡਾਨੀ ਦੇ ਫਰਾਡ ਮਾਮਲਾ, ਪਹਿਲਵਾਨ ਲੜਕੀਆਂ ਦੇ ਜਿਨਸੀ ਸੋਸ਼ਨ, ਰਫਾਂਲ ਜਹਾਜਾਂ ਦਾ ਮਾਮਲਾ, ਪੈਗਾਸਸ ਜਾਜੂਸੀ ਮਾਮਲਾ ਆਦਿ ਦੇ ਸਵਾਲ ਤੇ ਮੂੰਹ ਨਹੀਂ ਖੋਲਦਾ। ਅਣ ਐਲਾਣੀ ਐਮਰਜੈਂਸੀ ਲਾ ਕੇ ਦੇਸ ਦੀਆਂ ਅਦਾਲਤਾਂ, ਮੀਡੀਆ, ਪੋਲਿਸ,ਲੋਕਰਾਜੀ ਸੰਸਥਾਵਾਂ ਨੂੰ ਡਰਾ ਧਮਕਾ ਕੇ ਆਪਣੇ ਕਾਬੂ ਕੀਤਾ ਹੈ। ਪਾਰਲੀਮੈਂਟ ਵਿੱਚ ਵਿਰੋਧੀਆਂ ਨੂੰ ਬੋਲਣ ਨਹੀ ਦਿਤਾ ਜਾਂਦਾ। ਮਾਈਕ ਤੱਕ ਬੰਦ ਕਰ ਦਿਤੇ ਜਾਂਦੇ ਹਨ। ਕੋਈ ਵੀ ਬਿਲ ਬਿਨਾਂ ਬਹਿਸ ਦੇ ਧੱਕੇ ਨਾਲ ਪਾਸ ਕਰ ਦਿਤੇ ਜਾਂਦੇ ਹਨ। ਵਿਦਿਅਕ ਸੰਸਥਾਵਾਂ ਅਤੇ ਦੇਸ ਦੇ ਅਹਿਮ ਮਹਿਕਮਿਆਂ ਅੰਦਰ ਆਰ ਐਸ ਐਸ ਦੇ ਬੰਦੇ ਬਿਠਾ ਰੱਖੇ ਹਨ। ਜਿੰਨਾਂ ਦੀ ਮਾਨਸਿਕਤਾ ਸ਼ਾਵਨਵਾਦੀ ਨਿਰਕੁੰਸ਼ ਰਾਜ ਹੈ। ਜਿੰਨਾਂ ਦੇ ਇਸਾਰਿਆਂ ਤੇ ਆ ਕੇ ਲੋਕਾਂ ਦਾ ਜੀਣਾ ਦੁੱਬਰ ਕੀਤਾ ਹੈ। ਦੇਸ ਦੇ ਲੋਕਾਂ ਦੇ ਟੈਕਸ ਰਾਹੀਂ ਇਕੱਤਰ ਕੀਤੇ ਪੈਸੇ ਕਾਰਪੋਰੇਟ ਦੇ ਧਨੀਆਂ ਨੂੰ ਦੇ ਦਿਤੇ ਗਏ ਹਨ। ਪ੍ਰਧਾਨ ਮੰਤਰੀ ਦੇ ਚਹੇਤੇ ਦੇਸ ਦੇ ਲੋਕਾਂ ਦਾ ਬੈਂਕਾਂ ਤੋਂ ਕਰੋੜਾਂ ਰੁਪਏ ਲੈ ਕੈ ਫਰਾਰ ਹੋ ਗਏ ਹਨ।

ਰਾਜਾਂ ਦੀਆਂ ਚੁਣੀਆਂ ਹੋਈਆਂ ਸਰਕਾਰਾਂ ਦੇ ਨੁਮਾਇੰਦਿਆਂ ਨੂੰ ਪੇਸੈ ਦੇ ਕੇ ਜਾਂ ਡਰਾ ਧਮਕਾ ਕੇ ਖਰੀਦ ਲਿਆ ਜਾਂਦਾ ਹੈ ਅਤੇ ਲੋਕਾਂ ਦੇ ਦਿੱਤੇ ਫਤਵੇ ਨੂੰ ਮਨ ਮਰਜ਼ੀ ਨਾਲ ਤਹਿਸ ਨਹਿਸ ਕਰ ਦਿਤਾ ਜਾਂਦਾ ਹੈ। ਸਰਕਾਰਾਂ ਡੇਗਣ ਵਿੱਚ ਗਵਰਨਰਾਂ ਦੀ ਭੂਮਿਕਾ ਗੈਰ ਸੰਵਧਾਨਿਕ ਰਹੀ ਹੈ।

ਹੁਣੇ ਮਨੀਪੁਰ ਦੰਗਿਆਂ ਦੀ ਭੂਮਿਕਾ ਦਾ ਜ਼ਿਕਰ ਕਰੀਏ ਤਾਂ ਬੇਹੱਦ ਹੀ ਘਿਨਉਣੀਆਂ ਤਸਵੀਰਾਂ ਸਾਹਮਣੇ ਆਉਂਦੀਆਂ ਹਨ। ਘੱਟ ਗੀਣਤੀਆਂ ਨੂੰ ਦਬਾ ਕੇ ਰੱਖਣ ਦੀ ਆਪਣੀ ਨੀਤੀ ਰਾਹੀਂ ਹੀ ਗੁਜਰਾਤ ਵਾਗੂੰ ਮਨੀ ਪੁਰ ਵਿੱਚ ਹੋਇਆ ਹੈ। ਇਥੇ ਦੋ ਸਮੁਦਾਵਾਂ ਨੂੰ ਉਕਸਾ ਕੇ ਆਪਸ ਵਿੱਚ ਲੜਾ ਕੇ ਖੌਫ ਪੈਦਾ ਕਰਕੇ ਰਾਜਨੀਤਿਕ ਰੋਟੀਆਂ ਸੇਕਣ ਦਾ ਪਰਬੰਧ ਕੀਤਾ ਗਿਆ। ਇਸ ਰਾਜ ਵਿੱਚ ਵੱਡੀ ਸਮੁਦਾਏ ਵਿੱਚ ਆਰ ਐਸ ਐਸ ਦੇ ਬੰਦਿਆਂ ਨੂੰ ਟਰੇਨਿੰਗ ਦਿਤੀ ਗਈ। ਆਰ ਐਸ ਐਸ ਅਤੇ ਬੀ ਜੇ ਪੀ ਦੋ ਨਹੀਂ ਇੱਕ ਹੈ, ਮੁਖੌਟ ਦੋ ਹਨ । ਜਦ ਤਾਕਤ ਹੱਥ ਆਈ ਤਾਂ ਅਸਲੀ ਚਿਹਰੇ ਨੰਗੇ ਹੋ ਗਏ। ਹਿਟਲਰ ਮੁਸੋਲੀਨੀ ਜਾਗ ਪਿਆ। ਛੋਟੀ ਸਮੁਦ-ਾਏ ਦੇ ਲੋਕਾਂ ਨੂੰ ਖੌਫ ਜਦਾ ਕਰਨ ਲਈ ਆਪਣੀ ਧੌਂਸ ਜਮਾਉਣ ਲਈ ਦੰਗਿਆਂ ਦਾ ਸਹਾਰਾ ਲਿਆ। ਇਹ ਛੁੱਟ ਫੁੱਟ ਘਟਨਾਵਾਂ ਅਪਰੈਲ ਮਹੀਨੇ ਤੋਂ ਸ਼ੁਰੂ ਹੋਈਆਂ। ਵੱਡੀ ਸਮੁਦਾਏ ਨੂੰ ਬੀ ਜੇ ਪੀ ਸਰਕਾਰ ਦਾ ਸੰਰਕਸ਼ਣ ਰਿਹਾ। ਉਹਨਾਂ ਨੂੰ ਸਰਕਾਰੀ ਸ਼ਹਿ ਪਰਾਪਤ ਸੀ। ਮਈ ਵਿੱਚ ਇਹ ਅੱਗ ਜੋਰ ਨਾਲ ਭੜਕ ਉਠੀ। ਹੈ। ਗੁਜਰਾਤ ਵਾਂਗੂ ਸਰਕਾਰ ਨੇ ਇੱਕ ਧਿਰ ਨੂੰ ਖੁੱਲੀ ਛੁਟੀ ਦੇ ਦਿਤੀ ਕਿ ਘੱਟ ਗਿਣਤੀਆਂ ਨੂੰ ਸਬਕ ਸਿਖਾਓ। ਕਾਗਜਾਂ ਵਿੱਚ ਸ਼ਾਂਤੀ ਲਈ ਐਕਸ਼ਨ ਦੀ ਖਾਨਾ ਪੂਰਤੀ ਕਰਦੀ ਰਹੀ। ਮਨੀਪੁਰ ਦਾ ਮੁੱਖ ਮੰਤਰੀ ਬਿਰੇਂਦਰ ਸਿੰਘ ਦੋ ਵਾਰ

14 ਮਈ ਅਤੇ ਪੱਚੀ ਮਈ ਨੂੰ ਦਿਲੀ ਆਇਆ । ਸਾਰੀ ਰੀਪੋਰਟ ਗ੍ਰਹਿ ਮੰਤਰੀ ਨੂੰ ਦਿਤੀ। ਇਸ ਸਮੇਂ ਵਿੱਚ ਪਰਧਾਨ ਮੰਤਰੀ ਸੱਤ ਵਾਰ ਬਿਦੇਸ਼ ਗਏ ਅਤੇ ਅੱਠ ਵਾਰ ਗੁਜਰ-ਾਤ,ਰਾਜਸਥਾਨ, ਮੱਧ ਪਰਦੇਸ, ਉੜੀਸਾ ,ਕਰਨਾਟਕ ਦੇ ਦੌਰੇ ਤੇ ਗਏ ਪਰ ਜਲਦੇ ਮਨੀਪੁਰ ਨਹੀਂ ਗਏ ਇਸ ਦਾ ਕੀ ਮਤਲਬ ਸਮਝੀਏ। ਪੱਜੀ ਮਈ ਤੱਕ 231 ਜ਼ਖਮੀ,ਸੱਠ ਮੌਤਾਂ, ਤਿੰਨ ਹਜਾਰ ਬੇਘਰ,ਸਤਾਰਾਂ ਸੌ ਅਗਜਨੀ ਦੀਆਂ ਘਟਨਾਵਾਂ ਹੋਈਆਂ ਜਿੰਨਾਂ ਵਿੱਚ ਧਾਰਮਿਕ ਸਥਾਨ ਵੀ ਹਨ। ਉਸ ਤੋਂ ਪੱਛੋਂ ਤਾਂ ਅਹ ਗਿਣਤੀ ਦੋ ਗੁਣੀ ਤੋਂ ਵੀ ਜਿਆਦਾ ਹੋ ਗਈ। ਪਲ ਪਲ ਦੀ ਰੀਪਰਟ ਦਿਲੀ ਪਹੁੰਚਦੀ ਰਹੀ।ਇਹ ਲੋਕ ਸਮਝ ਲੈਣ ਕੀ ਇਰਾਦਾ ਸੀ।

ਮਨੀਪੁਰ ਦਾ ਮੁੱਖ ਮੰਤਰੀ ਅਤੇ ਉਥੋਂ ਦੀ ਪੋਲੀਸ ਇੱਕ ਧਿਰ ਨੂੰ ਛਤਰੀ ਦਿੰਦੀ ਰਹੀ । ਗ੍ਰਹਿ ਮੰਤਰੀ ਅਮਿਤ ਸ਼ਾਹ ਇੱਕ ਵਾਰ ਮਨੀ ਪੁਰ ਗਏ। ਕੁੱਛ ਸੁਧਾਰ ਨਹੀਂ ਹੋਇਆ। ਇਉਂ ਲੱਗਿਆ ਜਿਵੇਂ ਆਪਣਿਆਂ ਨੂੰ ਹੱਲਾ ਸ਼ੇਰੀ ਦੇਣ ਗਏ ਹੋਣ ਇੰਟਰਨੈਟ ਬੰਦ ਕਰ ਦਿਤਾ ਤਾ ਕਿ ਕੋਈ ਖਬਰ ਬਾਹਰ ਨਾ ਨਿਕਲੇ। ਮਨੀਪੁਰ ਸੜਦਾ ਰਿਹਾ ਤਾਨਾ ਸ਼ਾਹ ਜੋੜੀ ਪਿੱਠ ਭੁਆ ਕੇ ਬੈਠ ਗਈ। ਘੱਟ ਗਿਣਤੀ ਦਾ ਪ੍ਰਤੀਨਿਧ ਮੰਡਲ ਪਰਧਾਨ ਮੰਤਰੀ ਨੂੰ ਆਪਣੇ ਦੁਖ ਦਸਣ ਲਈ ਦਿਲੀ ਆਇਆ ਪਰ ਪਰਧਾਨ ਮੰਤਰੀ ਮੋਦੀ ਨੇ ਮਿਲਣ ਦਾ ਸਮਾਂ ਹੀ ਨਹੀਂ ਦਿਤਾ। ਕਰਨਾਟਕ ਚੋਣਾਂ ਜਾਂ ਬਿਦੇਸ਼ੀ ਦੌਰਿਆਂ ਤੇ ਨਿਕਲ ਗਿਆ। ਕਿੰਨਾ ਛੁਪਾ ਕੇ ਰੱਖਿਆ ਗਿਆ ਪਰ ਮਨੀਪੁਰ ਦੇ ਦੰਗਿਆਂ ਦੀ ਗੂੰਜ ਦੇਸ ਤਾਂ ਕੀ ਸਮੁੰਦਰਾਂ ਤੋਂ ਪਾਰ ਬਿਦੇਸਾਂ ਤੱਕ ਵੀ ਚੀਰ ਕੇ ਨਿਕਲ ਗਈ। ਯੁਰਪੀਅਨ ਯੂਨੀਅਨ ਅੰਦਰ ਜੋਰਦਾਰ ਚਰਚਾ ਹੋਈ। ਪਰ ਪਰਧਾਨ ਮੰਤਰੀ ਦੇ ਕੰਨ ਤੇ ਜੂੰ ਨਹੀਂ ਸਰਕੀ । ਇਹ ਕਹਿਕੇ ਪਾਸਾ ਵੱਟ ਲਿਆ ਕਿ ਇਹ ਭਾਰਤ ਦਾ ਅੰਦਰੂਨੀ ਮਾਮਲਾ ਹੈ। ਇਸ ਤੋਂ ਹੋਰ ਪੁਖਤਾ ਹੋਇਆ ਕਿ ਪਰਧਾਨ ਮੰਤਰੀ ਦੇ ਕਠੋਰ ਦਿਲ ਵਿੱਚ ਜ਼ੁਲਮ ਪ੍ਰਤੀ ਕੋਈ ਸੰਵੇਦਨ ਸ਼ੀਲਤਾ ਨਹੀਂ।

ਜਿਉਂ ਹੀ ਇੰਟਰਨੈਟ ਤੋਂ ਪਾਬੰਦੀਆਂ ਹਟਾ ਲਈਆਂ ਗਈਆਂ ਤਾਂ ਸਾਹਮਣੇ ਆਇਆ ਕਿ ਘਰਾਂ ਧਾਰਮਿਕ ਸਥਾਨਾਂ,ਕਤਲਾਂ ਤੋਂ ਇਲਾਵਾ ਦਿਲ ਦਹਿਲਾਉਣ ਵਾਲੀ ਘਟਨਾ ਸਾਹਮਣੇ ਆਈ। ਔਰਤਾਂ ਨੂੰ ਪੋਲੀਸ ਦੀ ਹਾਜ਼ਰੀ ਵਿੱਚ ਨਿਰਵਸਤਰ ਕਰਕੇ ਘੁਮਾਇਆ ਗਿਆ। ਚਾਰ ਮਈ ਦੀ ਘਟਨਾ ਦੀ ਰੀਪੋਰਟ ਅਠਾਰਾਂ ਮਈ ਨੂੰ ਲਿਖੀ ਗਈ। ਪਰ ਕਿਸੇ ਵਿਅੱਕਤੀ ਨੂੰ ਗ੍ਰਿਫਤਾਰ ਨਹੀਂ ਕੀਤਾ ਗਿਆ। ਉਹਨਾਂ ਨੂੰ ਖੁੱਲੀ ਛੁੱਟੀ ਦਿਤੀ ਗਈ ਕਿ ਮਨ ਆਈਆਂ ਕਰੋ। ਮੁੱਖ ਮੰਤਰੀ ਦੀ ਭੂਮਿਕਾ ਨੂੰ ਲੈਕੇ ਆਪੋਜੀਸ਼ਨ ਨੇ ਉਸ ਨੂੰ ਹਟਾਉਣ ਲਈ ਸੁਆਲ ਉਠਾਏ ਪਰ ਹੰਕਾਰੀ ਰਾਜਾ ਤਾਂ ਅਪਣੇ ਹੰਕਾਰ ਵਿੱਚ ਸਬਕ ਸਿਖਾਉਣ ਤੇ ਤੁਲਿਆ ਸੀ। ਮੁੱਖ ਮੰਤਰੀ ਨਹੀਂ ਹਟਾਇਆ। ਸਗੋਂ ਡਰਾਮਾ ਕਰਕੇ ਵਿਖਾਇਆ ਕਿ ਲੋਕ ਨਹੀਂ ਚਾਹੁੰਦੇ ਕਿ ਮੁੱਖ ਮੰਤਰੀ ਅਸਤੀਫਾ ਨਾ ਦੇਣ। ਇਸ ਲਈ ਆਪਣੇ ਕੁੱਝ ਲੋਕ ਇਕੱਠੇ ਕਰਕੇ ਵਿਖਾ ਦਿਤੇ ਕਿ ਇਹ ਨਹੀਂ ਚਾਹੁੰਦੇ। ਇੰਡੀਆ ਟੂਡੇ ਨਾਲ ਗੱਲ ਕਰਦਿਆ ਮੁੱਖ ਮੰਤਰੀ ਕਹਿੰਦੇ ਹਨ ਇਸ ਤਰਾਂ ਦੇ ਤਾਂ ਸੈਂਕੜੇ ਕੇਸ ਹਨ। ਇਹ ਸਾਰਾ ਕੁੱਝ ਡਬਲ ਈਜਣ ਦੀ ਸਰਕਾਰ ਦੇ ਹੁੰਦਿਆ ਹੁੰਦਾ ਰਿਹਾ ਹੈ। ਕਿਸੇ ਵਿਰੋਧੀ ਪਾਰਟੀ ਦੇ ਰਾਜ ਸਰਕਾਰ ਵਿੱਚ ਜੇ ਚਿੜੀ ਵੀ ਮਰ ਗਈ ਤਾਂ ਗਵਰਨਰ ਤੋਂ ਰੀਪਰਟਾਂ ਮੰਗੀਆਂ ਜਾਂਦੀਆਂ ਹਨ।ਯਕੀਨਣ ਦਿਨੋ ਦਿਨ ਜੁਲਮ ਦੀਆਂ ਹੋਰ ਪਰਤਾਂ ਖੁਲਣਗੀਆਂ। ਜਦ ਸੁਪਰੀਮ ਕੋਰਟ ਨੇ ਸੰਗਿਆਨ ਲਿਆ ਤਾਂ ਮਜਬੂਰ ਹੋ ਕੇ ਪ੍ਰਧਾਨ ਮੰਤਰੀ ਨੂੰ ਇਸ ਘਟਨਾ ਤੇ ਬੋਲਣਾ ਤਾਂ ਪਿਆ ਪਰ ਘੁਮਾ ਫਿਰਾ ਕੇ ਦੂਜਿਆਂ ਤੇ ਝੂਠੇ ਦੋਸਾਂ ਦਾ ਸਹਾਰਾ ਲੈ ਕੇ ਆਪਣੀ ਜੜ੍ਹ ਮਾਨਸਿਕਤਾ ਦੀ ਤਰਜਮਾਨੀ ਕਰ ਗਿਆ। ਸੁਪਰੀਮ ਕੋਰਟ ਨੇ ਅਠਾਈ ਤਰੀਕ ਨੂੰ ਰੀਪੋਰਟ ਮੰਗ ਲਈ ਹੈ ।ਫਾਈਲ ਖੁੱਲੇਗੀ ਤਾਂ ਸੱਭ ਕੁੱਝ ਮਨਸੂਬੇ ਨੰਗੇ ਹੋ ਜਾਣਗੇ। ਸਰਕਾਰ ਦੀ ਨਾਕਾਮੀ ਦੀਆਂ ਧਜੀਆਂ ਉਡਣਗੀਆਂ।ਅੱ ਜ ਮਨ ਹੋਰ ਮੁੱਖ ਹੋਰ ਦਾ ਅੰਤਰ ਰਾਸ਼ਟਰੀ ਪੱਧਰ ਤੇ ਪਤਾ ਚੱਲ ਗਿਆ ਹੈ,ਜਮਹੂਰੀ ਕਦਰਾਂ ਕੀਮਤਾਂ ਦਾ ਘਾਣ ਕਰਨ ਵਾਲਾ ਪ੍ਰਧਾਨ ਮੰਤਰੀ ਜਦ ਬਾਹਰ ਜਾਂਦਾ ਹੈ ਤਾਂ ਕਹਿੰਦਾ ਹੈ ਲੋਕ ਰਾਜ ਤਾਂ ਭਾਰਤ ਦੇ ਡੀ ਐਨ ਏ ਵਿੱਚ ਹੈ। ਇਹ ਠੀਕ ਹੈ ਭਾਰਤ ਦੇ ਡੀ ਐਨ ਏ ਵਿੱਚ ਤਾਂ ਹੈ ਪਰ ਪਰਧਾਨ ਮੰਤਰੀ ਦੇ ਡੀ ਐਨ ਏ ਵਿੱਚੋਂ ਕਿਧਰੇ ਗਾਇਬ ਹੋ ਗਿਆ ਲੱਗਦਾ ਹੈ। ਜੇ ਇਉਂ ਹੁੰਦਾ ਤਾਂ "ਮਾਨਸ ਕੀ ਜਾਤ ਸਭੈ ਏਕੈ ਪਹਿਚਾਨਬੋ। " ਮਨੀਪੁਰ ਦੇ ਲੋਕਾਂ ਦਾ ਦਰਦ ਜਾਗ ਪੈਂਦਾ। ਆਪਣੀ ਗੱਦੀ ਨਾਲੋਂ ਵੱਧ ਲੋਕਾਂ ਦਾ ਦਰਦ ਹੁੰਦਾ। ਕਾਸ਼ ! ਅਜਿਹੇ ਰਹਿਬਰਾਂ ਹੱਥ ਲੋਕਾਂ ਦੇ ਜੀਵਨ ਦੀ ਵਾਗ ਡੋਰ ਨਾ ਆਏ। ਕਾਸ਼! ਮਨੀਪੁਰ ਦੇ ਲੋਕ ਬਦ ਦਿਆਨਤਦਾਰ ਰਹਿਬਰਾਂ ਦੀ ਛੁਪੀ ਦੁਰਾਚਾਰੀ ਮਾਨਸਿਕਤਾ ਨੂੰ ਸਮਝ ਕੇ ਪੈਦਾ ਕੀਤੀ ਨਫਰਤਾਂ ਨੂੰ ਤਿਆਣ ਦੇਣ। ਆਪਣੇ ਆਪਣੇ ਬੱਚਿਆਂ ਔਰਤਾਂ ਦੇ ਚੰਗੇ ਭਵਿਖ ਲਈ ਮਿਲ ਕੇ ਸਮਝੌਤੇ ਕਰਨ। ਕਾਸ਼! ਮਨੀਪੁਰ ਦੇ ਲੋਕਾਂ ਵਿੱਚ ਸ਼ਾਂਤੀ ਸਹਿਣਸ਼ੀਲਤਾ ਮੁੜ ਪਰਤ ਆਏ।

# ਸਵੀਪ ਕਾਰਡ ਟੂਰਨਾਮੈਂਟ 16 ਅਗਸਤ ਨੂੰ




ਬਰੈਂਪਟਨ, 10 ਅਗਸਤ (ਪੋਸਟ ਬਿਊਰੋ): ਆਉਣ ਵਾਲੀ 16 ਅਗਸਤ, ਦਿਨ ਬੁੱਧਵਾਰ ਨੂੰ ਸਵੀਪ ਕਾਰਡ ਟੂਰਨਾਮੈਂਟ ਰਿਵਰਸਟੋਨ ਕਮਿਉਨਿਟੀ ਸੈਂਟਰ (195 ਡੌਨ ਮਿਨੇਕਰ ਡਰਾਇਵ ਬਰੈਂਪਟਨ) ਇੰਟਰਸੈਕਸ਼ਨ ਡੌਨ ਮਿਨੇਕਰ ਡਰਾਇਵ ਐਂਡ ਇਬੈਨੇਜ਼ਰ ਰੋਡ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਸੰਬੰਧੀ ਅਮਰੀਕ ਕੁਮਰੀਆ ਅਤੇ ਨਛੱਤਰ ਧਾਲੀਵਾਲ (6472782145) ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਐਂਟਰੀਜ਼ ਸਵੇਰੇ 10:30 ਵਜੇ ਤੋਂ 11:15 ਵਜੇ ਤੱਕ ਲਈਆ ਜਾਣਗੀਆਂ। ਕੋਈ ਐਂਟਰੀ ਫੀਸ ਨਹੀਂ ਹੈ। ਇਸ ਟੂਰਨਾਮੈਂਟ ਵਿਚ ਸਿਰਫ 55 ਸਾਲਾਂ ਤੋਂ ਉਪਰ ਦੇ ਵਿਅਕਤੀ ਹੀ ਖੇਡ ਸਕਦੇ ਹਨ। ਸਿਟੀ ਬਰੈਂਪਟਨ ਵਲੋਂ ਪਹਿਲੇ, ਦੂਜੇ ਅਤੇ ਤੀਸਰੇ ਨੰਬਰਾਂ ਉਤੇ ਆਉਣ ਵਾਲਿਆਂ ਨੂੰ ਟਰਾਫੀਆਂ ਵੀ ਦਿੱਤੀਆਂ ਜਾਣਗੀਆਂ। ਟੂਰਨਾਮੈਂਟ ਦੌਰਾਨ ਲੰਗਰ ਅਤੁਟ ਵਰਤੇਗਾ। ਇਹ ਟੂਰਨਾਮੈਂਟ ਸ਼ਾਮ 4 ਵਜੇ ਤੱਕ ਚੱਲੇਗਾ।

# ਗੁਰੂ ਨਾਨਕ ਨਿਸ਼ਕਾਮ ਸੇਵਾ ਸੈਂਟਰ ਵਿਖੇ ਚਲਦੇ ਬੱਚਿਆਂ ਦੇ ਗੁਰਮਤਿ ਕੈਂਪ ਦੀ ਸਮਾਪਤੀ

ਗੁਰੂ ਨਾਨਕ ਨਿਸ਼ਕਾਮ ਸੇਵਾ ਸੈਂਟਰ, 12356 ਬਰੈਮਲੀ ਰੋਡ, ਕੈਲੇਡਨ ਵਿਖੇ ਬੀਤੀ 31 ਜੁਲਾਈ ਤੋਂ 6 ਅਗਸਤ ਤੱਕ ਲੱਗੇ ਬੱਚਿਆਂ ਦੇ ਗੁਰਮਤਿ ਕੈਂਪ ਦੀ ਸ਼ਾਨਦਾਰ ਸਮਾਪਤੀ ਹੋ ਗਈ ਹੈ। ਇਸ ਦੌਰਾਨ ਭਾਈ ਸ: ਭਾਈ ਬਲਵਿੰਦਰ ਸਿੰਘ ਜੀ ਨੇ ਬੱਚਿਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਅੱਗੇ ਵਾਸਤੇ ਵਧ ਚੜ੍ਹ ਕੇ ਗੁਰਮਤਿ ਕੈਂਪ ਵਿਚ ਸ਼ਾਮਲ ਹੋਣ ਲਈ ਬੇਨਤੀ ਕੀਤੀ। ਇਸ ਕੈਂਪ ਵਿਚ ਕੈਂਪ ਇੰਚਾਰਜ ਬਲਵਿੰਦਰ ਸਿੰਘ ਜੀ ਮੁਲਤਾਨੀ, ਪ੍ਰਿੰਸੀਪਲ ਗੁਰਦੇਵ ਸਿੰਘ ਜੀ ਧਾਲੀਵਾਲ ਤੇ ਹੋਰ ਟੀਚਰ ਸਾਹਿਬਾਨਾਂ ਨੇ ਬੱਚਿਆਂ ਨੂੰ ਗੁਰਮਤਿ, ਗੁਰਬਾਣੀ, ਸਿੱਖ, ਸਿੱਖੀ, ਸਿੱਖ ਵਿਰਸੇ ਬਾਰੇ ਚੰਗੀ ਤਰ੍ਹਾਂ ਜਾਣੂ ਕਰਵਾਇਆ।





URGENTLY NEED NEW LISTINGS IN BRAMPTON/CALEDON
visit: www.teamjagaujla.com
ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE
CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED/SOLD IN YOUR NEIGHBOURHOOD

SHELBURNE (Simon St /Hwy 89)
ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੋ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

CAMBRIDGE (Speedsville/Equestrian Way)
ਐਂਡ ਯੁਨਿਟ ਕਾਨ੍ਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਉਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

BRAMPTON (Mclaughlin / Steeles / Mavis)
ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

BRAMPTON (Wanless/Mclaughlin)
ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੈਟ ਏਂਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC.
Ph:905-456-3232
JAG AUJLA 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT

Dr. Randhawa Dentistry
Your own dentist who really cares for you
We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist
New Patients welcome
Deal Directly with all Insurance Companies
- ਸੀਨੀਅਰ ਡਿਸਕਾਉਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!

FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

Mayfield Rd
Mcvean Dr
DENTISTRY
Squire Ellis Dr
Gore Rd
Countryside Dr

Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ
ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com

REXDALE BODY SHOP
USED CAR SALE
Specialization In:
- All Kinds of Body Work
- Auto Glass Windshield
- Denting, Painting & Welding
SPECIAL PAINT JOB $779
RENTAL CAR PROVIDED
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
25 years of Canadian Experience
OPEN MON - SAT 9AM TO 7PM
CHEEMA
LOWEST PRICE IN TOWN
Call Rick or Manminder Cheema: 416.749.9596 /416.951.6431
Towing Service Car Paint Starts $799* upto 100% Deductible Paid*
30 Racine Rd. Toronto, ON, M9W 2Z3, FAX: 416.749.9597
WWW.AAABODYSHOP.ca
mcheemaaaa@hotmail.com


ROYAL CANADIAN
International
CIRCUS
UNDER THE BIG TOP
BRAMPTON & MISSISSAUGA
July 6–August 20
2 for 1
GENERAL ADMISSION
TICKETS
at royalcanadiancircus.ca with Promo Code Punjabi


afc
ORDER ONLINE TODAY !!!
WWW.ASIANFOODCENTRE.COM
FREE PICK UP!!!
HOME DELIVERY ALSO AVAILABLE !!!
ASIAN FOOD CENTRE
VEGETARIAN FOOD
HEALTHY EATING
FRESH & LARGE VARIETY
BREAD, DAIRY & EGGS
BRANDED FOODS
FRUITS & VEGETABLES
BEVERAGES &
CONFECTIONERY
GROCERY & STAPLES
SWEET & SAMOSAS
SERVING FROM ALL LOCATIONS IN GTA AREA:
10 Westmore Drive
Etobicoke ON M9V-3Z7
416-740-3262
21 Lacoste Blvd,
Brampton, ON L6P 2K2
905 794-8109
621 Wanless drive, # 122
Brampton ON L7A 0A9
905-495-3336
1075 Ceremonial Drive
Mississauga ON L5R 2Z4
905-502-1600
80 Pertosa Drive
Brampton ON L5X-5E9
905-460-0009
10510 Torbram Road,
Brampton
905-790-0030
2120 North park Drive
Brampton ON L6S 0C9
905-793-1338
10 Pannahill Dr,
Brampton
905 913-8017